ਕੇਂਦਰ ਸਰਕਾਰ,
ਪੰਜਾਬ ਸਰਕਾਰ,
ਹਰਿਆਣਾ ਸਰਕਾਰ
ਤੋਂ ਹਰ ਤਰ੍ਹਾਂ ਦੇ ਸਰਕਾਰੀ
ਇਸ਼ਤਿਹਾਰਾਂ ਲਈ ਮਨਜ਼ੂਰ।
ਇਸ਼ਤਿਹਾਰ ਪ੍ਰਕਾਸ਼ਿਤ
ਕਰਵਾਉਣ ਲਈ ਸੰਪਰਕ ਕਰੋ।
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਪੰਜਾਬ ਸੰਸਕਰਣ
PUNJAB EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ ਦੇ ਲਈ ਵਚਨਬੱਧ : ਮੈਂਬਰ ਅਨੁਸੂਚਿਤ ਜਾਤੀ ਕਮਿਸ਼ਨ 07

ਸਾਲ 36, ਅੰਕ 263 Ph (Mohali Office) : 0160-2990739; (M) : +91-98156-16078 ਸੋਮਵਾਰ, 21 ਸਤੰਬਰ 2026 (5 ਅੱਸੂ, ਨਾਨਕਸ਼ਾਹੀ ਸੰਮਤ 558) RNI NO. PBPUN/25/RAA36(51354/90) ਸਫ਼ੇ – 8 ਮੁੱਲ :₹2

ਮਾਸਕੋ 'ਤੇ ਯੂਕਰੇਨ ਦਾ ਵੱਡਾ ਡਰੋਨ ਹਮਲਾ ਦੋ ਮੌਤਾਂ; ਤੇਲ ਰਿਫਾਈਨਰੀ ਨੂੰ ਨੁਕਸਾਨ

ਮਾਸਕੋ,20 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):- ਰੂਸ ਅਤੇ ਯੂਕਰੇਨ ਵਿਚਾਲੇ ਜਾਰੀ ਜੰਗ ਦੌਰਾਨ ਐਤਵਾਰ ਨੂੰ ਮਾਸਕੋ ਅਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ ਨੂੰ ਵੱਡੇ ਪੱਧਰ 'ਤੇ ਡਰੋਨ ਹਮਲਿਆਂ ਦਾ ਸਾਹਮਣਾ ਕਰਨਾ ਪਿਆ। ਰੂਸੀ ਅਧਿਕਾਰੀਆਂ ਮੁਤਾਬਕ ਇਸ ਹਮਲੇ ਵਿੱਚ ਘੱਟੋ-ਘੱਟ ਦੋ ਲੋਕਾਂ ਦੀ ਮੌਤ ਹੋਈ, ਜਦਕਿ ਕਈ ਹੋਰ ਜ਼ਖ਼ਮੀ ਹੋਏ। ਮਾਸਕੋ ਦੇ ਮੇਅਰ ਸਰਗੇਈ ਸੋਬਿਆਨਿਨ ਨੇ ਇਸ ਨੂੰ ਰਾਜਧਾਨੀ 'ਤੇ ਹੁਣ ਤੱਕ ਦੇ ਸਭ ਤੋਂ ਵੱਡੇ ਡਰੋਨ ਹਮਲਿਆਂ ਵਿੱਚੋਂ ਇੱਕ ਦੱਸਿਆ। ਰਾਇਟਰਜ਼ ਮੁਤਾਬਕ ਰੂਸੀ ਅਧਿਕਾਰੀਆਂ ਨੇ ਦਾਅਵਾ ਕੀਤਾ ਕਿ ਸ਼ਨੀਵਾਰ ਤੋਂ ਹੁਣ ਤੱਕ 1,600 ਤੋਂ ਵੱਧ ਡਰੋਨ ਰੋਕੇ ਜਾਂ ਨਸ਼ਟ ਕੀਤੇ ਗਏ, ਜਿਨ੍ਹਾਂ ਵਿੱਚੋਂ ਲਗਭਗ 450 ਮਾਸਕੋ ਵੱਲ ਆ ਰਹੇ ਸਨ। ਹਮਲੇ ਦੌਰਾਨ ਮਾਸਕੋ ਦੀ ਮਹੱਤਵਪੂਰਨ ਤੇਲ ਰਿਫਾਈਨਰੀ ਦੇ ਕੁਝ ਹਿੱਸਿਆਂ ਨੂੰ ਨੁਕਸਾਨ ਪਹੁੰਚਣ ਦੀ ਜਾਣਕਾਰੀ ਸਾਹਮਣੇ ਆਈ ਹੈ। ਮਾਸਕੋ ਦੇ ਮੇਅਰ ਨੇ ਕਿਹਾ ਕਿ ਕਈ ਡਰੋਨ ਰਿਫਾਈਨਰੀ ਦੇ ਇਲਾਕੇ ਵਿੱਚ ਪਹੁੰਚੇ। ਰਾਇਟਰਜ਼ ਦੇ ਗਵਾਹਾਂ ਨੇ ਵੀ ਰਿਫਾਈਨਰੀ ਵਾਲੇ ਇਲਾਕੇ ਤੋਂ ਧੂੰਆਂ ਉੱਠਦਾ ਦੇਖਣ ਦੀ ਰਿਪੋਰਟ ਕੀਤੀ। ਇਹ ਰਿਫਾਈਨਰੀ ਪਹਿਲਾਂ ਵੀ ਯੂਕਰੇਨੀ ਹਮਲਿਆਂ ਦਾ ਨਿਸ਼ਾਨਾ ਬਣ ਚੁੱਕੀ ਹੈ।

ਤੇਲ ਅਤੇ ਊਰਜਾ ਢਾਂਚਾ ਰੂਸ-ਯੂਕਰੇਨ ਜੰਗ ਵਿੱਚ ਇੱਕ ਮਹੱਤਵਪੂਰਨ ਰਣਨੀਤਕ ਨਿਸ਼ਾਨਾ ਬਣਿਆ ਹੋਇਆ ਹੈ। ਯੂਕਰੇਨ ਵੱਲੋਂ ਰੂਸ ਦੇ ਊਰਜਾ ਢਾਂਚਿਆਂ ਨੂੰ ਨਿਸ਼ਾਨਾ ਬਣਾਉਣ ਦਾ ਇੱਕ ਉਦੇਸ਼ ਰੂਸ ਦੀ ਜੰਗੀ ਆਮਦਨ ਅਤੇ ਸਪਲਾਈ ਪ੍ਰਣਾਲੀ 'ਤੇ ਦਬਾਅ ਪਾਉਣਾ ਦੱਸਿਆ ਜਾਂਦਾ ਹੈ। ਇਸ ਦੇ ਨਾਲ ਹੀ ਰੂਸ ਵੀ ਯੂਕਰੇਨ ਦੇ ਊਰਜਾ ਅਤੇ ਉਦਯੋਗਿਕ ਢਾਂਚਿਆਂ 'ਤੇ ਲਗਾਤਾਰ ਹਮਲੇ ਕਰਦਾ ਆ ਰਿਹਾ ਹੈ।

ਮਾਸਕੋ ਖੇਤਰ ਦੇ ਰਾਮੇਂਸਕੋਏ ਜ਼ਿਲ੍ਹੇ ਵਿੱਚ ਇੱਕ ਡਰੋਨ ਨਾਲ ਰਿਹਾਇਸ਼ੀ ਇਮਾਰਤ ਨੂੰ ਨੁਕਸਾਨ ਹੋਣ ਦੀ ਰਿਪੋਰਟ ਹੈ। ਅਧਿਕਾਰੀਆਂ ਮੁਤਾਬਕ ਇੱਕ 21 ਮੰਜ਼ਿਲਾ ਇਮਾਰਤ ਵਿੱਚ ਅੱਗ ਲੱਗਣ ਤੋਂ ਬਾਅਦ ਲਗਭਗ 400 ਲੋਕਾਂ ਨੂੰ ਬਾਹਰ ਕੱਢਿਆ ਗਿਆ, ਜਿਨ੍ਹਾਂ ਵਿੱਚ ਕਰੀਬ 70 ਬੱਚੇ ਵੀ

ਬਾਕੀ ਸਫ਼ਾ 7 'ਤੇ

ਹਰ ਖੇਤਰ 'ਚ ਪੰਜਾਬੀ ਮੋਹਰੀ', ਸੀਐਮ ਭਗਵੰਤ ਮਾਨ ਨੇ ਲਾਭਪਾਤਰੀਆਂ ਨੂੰ ਵੰਡੇ ਸਿਹਤ ਬੀਮਾ ਯੋਜਨਾ ਦੇ ਕਾਰਡ

ਮੁਹਾਲੀ , 20 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮੁਫ਼ਤ ਸਿਹਤ ਸਹੂਲਤਾਂ ਦੇਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਅੱਜ ਭਗਵੰਤ ਮਾਨ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਵੰਡੇ ਗਏ kਇਸ ਸਬੰਧੀ ਮੁਹਾਲੀ ਦੇ ਫੇਜ਼-8 ਸਥਿਤ ਵਿਕਾਸ ਭਵਨ ਵਿਖੇ ਬਾਅਦ ਦੁਪਹਿਰ 2:30 ਵਜੇ ਸਿਹਤ ਬੀਮਾ ਯੋਜਨਾ ਕਾਰਡ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਮੁੱਖ ਮੰਤਰੀ ਨੇ ਕੀ ਲਾਭਪਾਤਰੀਆਂ ਦੇ ਪੂਰੇ ਟੱਬਰ ਦੇ ਮੈਂਬਰਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਲਈ ਸਿਹਤ ਬੀਮਾ ਯੋਜਨਾ ਦੇ ਕਾਰਡ ਵੰਡੇ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਹਰ ਖੇਤਰ ਵਿਚ ਪੰਜਾਬੀ ਮੋਹਰੀ ਹਨ। ਖੇਡਾਂ ਦੇ ਖੇਤਰ ਵਿੱਚ ਪੰਜਾਬੀ ਨੌਜਵਾਨ ਮੁੰਡੇ ਕੁੜੀਆਂ ਨੇ ਸੂਬੇ ਦਾ ਨਾਂਅ ਰੋਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ 54 ਲੱਖ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਵੰਡੇ ਜਾ ਚੁੱਕੇ ਹਨ ਅਤੇ,1300 ਦਾ ਕੈਸ਼ਲੈਸ ਇਲਾਜ ਕੀਤਾ ਗਿਆ ਹੈ। 24000 ਤੋਂ ਵੱਧ ਡਾਇਲਾਸਿਸ ਕੀਤੇ ਗਏ ਹਨ। ਦਿਲ ਦੀਆਂ ਬਿਮਾਰੀਆਂ ਨਾਲ ਸਬੰਧਤ ਮਰੀਜ਼ਾਂ ਦੇ 121 ਕਰੋੜ ਤੋਂ ਵੱਧ ਦੇ ਸਟੰਟ ਪਾਏ ਗਏ ਹਨ ? ਭਗਵੰਤ ਮਾਨ ਨੇ ਕਿਹਾ ਕਿ ਉਹ ਘਰ-ਘਰ ਤੰਦਰੁਸਤੀ ਦੀ ਕਾਮਨਾ ਕਰਦੇ ਹਨ। ਇਸੇ ਮੰਤਵ ਲਈ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਇਕ ਅਕਤੂਬਰ ਤੋਂ ਫਿਰ ਔਰਤਾਂ ਦੇ ਫੋਨਾਂ 'ਤੇ ਟੂੰ ਟੂੰ ਹੋਵੇਗੀ ਅਤੇ ਪੰਜਾਬ ਦੀ ਕੋਈ ਵੀ ਯੋਗ ਔਰਤ ਇਸ ਯੋਜਨਾ ਦੇ ਲਾਭ ਤੋਂ ਵਾਂਝੀ ਨਹੀਂ ਰਹੇਗੀ। ਸਮਾਗਮ ਦੌਰਾਨ ਮੁੱਖ ਮੰਤਰੀ ਨੇ ਸੂਬਾ ਸਰਕਾਰ ਦੀਆਂ ਸਿਹਤ ਸੰਬੰਧੀ ਹੋਰ ਯੋਜਨਾਵਾਂ ਅਤੇ ਅਹਿਮ ਪਹਿਲਕਦਮੀਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ, ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ, ਮੁਹਾਲੀ ਦੇ ਵਿਧਾਇਕ ਕੁਲਵੰਤ ਸਿੰਘ, ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਸ੍ਰੀਮਤੀ ਪ੍ਰਭਜੋਤ ਕੌਰ, ਹਲਕਾ ਇੰਚਾਰਜ ਖਰੜ ਪਰਮਿੰਦਰ ਸਿੰਘ ਗੋਲਡੀ, ਕੌਂਸਲਰ ਡਾਕਟਰ ਸੰਨੀ ਸਿੰਘ ਆਹਲੂਵਾਲੀਆ ਸਮੇਤ ਹੋਰ ਵਲੰਟੀਅਰਜ਼ ਮੌਜੂਦ ਸਨ।

ਸੀਐਮ ਮਾਨ ਨੇ ਧੂਰੀ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਨ ਦੀ ਮੁਹਿੰਮ ਕੀਤੀ ਸ਼ੁਰੂ

ਧੂਰੀ,20 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):-ਪੰਜਾਬ ਵਿੱਚ ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਅੱਜ ਤੋਂ ਸ਼ੁਰੂ ਕੀਤੀ ਗਈ ਸੂਬਾ ਪੱਧਰੀ 'ਘਰ-ਘਰ' ਮੁਹਿੰਮ ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਵਿਧਾਨ ਸਭਾ ਹਲਕੇ ਧੂਰੀ ਤੋਂ ਕੀਤੀ। ਪਾਰਟੀ ਵੱਲੋਂ ਇਸ ਮੁਹਿੰਮ ਰਾਹੀਂ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਕੰਮਕਾਜ ਅਤੇ ਲੋਕਾਂ ਲਈ ਕੀਤੇ ਗਏ ਉਪਰਾਲਿਆਂ ਬਾਰੇ ਘਰ-ਘਰ ਜਾ ਕੇ ਜਾਣਕਾਰੀ ਦੇਣ ਦੀ ਯੋਜਨਾ ਬਣਾਈ ਗਈ ਹੈ। ਪਾਰਟੀ ਆਗੂਆਂ ਅਨੁਸਾਰ ਪੰਜਾਬ ਦੇ ਸਾਰੇ 25,332 ਬੂਥਾਂ ਨੂੰ ਇਸ ਮੁਹਿੰਮ ਨਾਲ ਜੋੜਿਆ ਗਿਆ ਹੈ। ਲਗਭਗ 2.68 ਲੱਖ ਬੂਥ ਕਮੇਟੀ ਮੈਂਬਰ ਅਤੇ ਪਾਰਟੀ ਵਰਕਰ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ। ਇਸ ਦੌਰਾਨ ਲੋਕਾਂ ਨਾਲ ਸਥਾਨਕ ਮੁੱਦਿਆਂ ਬਾਰੇ ਗੱਲਬਾਤ ਕਰਨ ਅਤੇ ਉਨ੍ਹਾਂ ਤੋਂ ਫੀਡਬੈਕ ਲੈਣ 'ਤੇ ਵੀ ਜ਼ੋਰ ਦਿੱਤਾ ਜਾਵੇਗਾ। ਮੁਹਿੰਮ ਲਗਭਗ ਇੱਕ ਮਹੀਨੇ ਤੱਕ ਚਲਾਉਣ ਦੀ ਯੋਜਨਾ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੀ ਵਿਧਾਨ ਸਭਾ ਸੀਟ ਧੂਰੀ ਤੋਂ ਮੁਹਿੰਮ ਸ਼ੁਰੂ ਕਰਨਾ ਪਾਰਟੀ ਲਈ ਖਾਸ ਮਹੱਤਵ ਰੱਖਦਾ ਹੈ। 'ਘਰ-ਘਰ' ਸੰਪਰਕ ਦੌਰਾਨ ਪਾਰਟੀ ਵੱਲੋਂ ਸਰਕਾਰ ਦੀਆਂ ਨੀਤੀਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਕੀਤੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਦੇ

ਬਾਕੀ ਸਫ਼ਾ 7 'ਤੇ

ਅਮਰਜੀਤ ਸਿੰਘ ਚਾਵਲਾ ਤੇ ਗ੍ਰੰਥੀ ਸਿੰਘ ਮਲਕੀਤ ਸਿੰਘ ਨੂੰ ਖ਼ਾਲਸਾ ਪੰਥ 'ਚੋਂ ਕੀਤਾ ਖ਼ਾਰਜ

ਅੰਮ੍ਰਿਤਸਰ, 20 ਸਤੰਬਰ (ਮੋਹਕਮ ਸਿੰਘ):- ਬਹਿਰੀਨ ਵਾਲੀ ਔਰਤ ਨਾਲ ਸਰੀਰਕ ਸੰਬਧ ਬਣਾਉਣ ਵਾਲੇ ਅਮਰਜੀਤ ਸਿੰਘ ਚਾਵਲਾ ਤੇ ਅਸ਼ਲੀਲ ਚੈਟ ਕਰਨ ਵਾਲੇ ਮਲਕੀਤ ਸਿੰਘ ਨੂੰ ਅੱਜ ਜਥੇਦਾਰਾਂ ਨੇ ਪੰਥ ਚੋਂ ਖਾਰਜ ਕਰ ਦਿੱਤਾ ।ਮਲਕੀਤ ਸਿੰਘ ਇਤਿਹਾਸ ਵਿਚ ਪਹਿਲੇ ਹੈਡ ਗ੍ਰੰਥੀ ਹਨ ਜਿੰਨਾ ਤੇ ਖਿਲਾਫ ਇਹ ਕਾਰਵਾਈ ਹੋਈ ਹੈ। ਜਥੇਦਾਰਾਂ ਦੇ ਇਸ ਇਤਿਹਾਸਕ ਫੈਸਲੇ ਦੀ ਪੰਥ ਵਿਚ ਚਾਰੇ ਪਾਸਿਓ ਤਰੀਫ ਹੋ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁਅੱਤਲ ਗ੍ਰੰਥੀ ਮਲਕੀਤ ਸਿੰਘ ਵਿਰੁੱਧ ਇੱਕ ਬੀਬੀ ਵੱਲੋਂ ਲਗਾਏ ਗਏ ਗੰਭੀਰ ਦੋਸ਼ਾਂ ਦੇ ਮਾਮਲੇ ਨੂੰ ਵਿਚਾਰਨ ਲਈ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੱਜ ਪੰਜ ਸਿੰਘ ਸਾਹਿਬਾਨ ਦੀ ਹੰਗਾਮੀ ਇਕੱਤਰਤਾ ਹੋਈ।

ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਬਖ਼ਸ਼ੀਸ਼ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਭਾਈ ਮੰਗਲ ਸਿੰਘ ਨੇ ਸ਼ਮੂਲੀਅਤ ਕੀਤੀ। ਇਕੱਤਰਤਾ ਤੋਂ ਬਾਅਦ ਪੰਜ ਸਿੰਘ ਸਾਹਿਬਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇਤਿਹਾਸਕ ਫ਼ਸੀਲ ਤੋਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅਮਰਜੀਤ ਸਿੰਘ ਅਤੇ ਮਲਕੀਤ ਸਿੰਘ ਦੇ ਮਾਮਲਿਆਂ ਸਬੰਧੀ ਪੰਜ ਸਿੰਘ ਸਾਹਿਬਾਨ ਵੱਲੋਂ ਦੋਵਾਂ ਨੂੰ ਖ਼ਾਲਸਾ ਪੰਥ ਵਿੱਚੋਂ ਖਾਰਜ ਕਰਨ ਦਾ ਫ਼ੈਸਲਾ ਸੰਗਤ ਨੂੰ ਸੁਣਾਇਆ। ਅਮਰਜੀਤ ਸਿੰਘ ਬਾਬਤ ਕੀਤੇ ਗਏ ਫ਼ੈਸਲੇ ਵਿੱਚ ਜਥੇਦਾਰ ਨੇ ਕਿਹਾ ਗਿਆ ਕਿ ਉਹ ਸਿੱਖ ਸੰਸਥਾ ਦੀ

ਬਾਕੀ ਸਫ਼ਾ 7 'ਤੇ

ਹੁਣ 1.80 ਲੱਖ ਆਮਦਨ ਵਾਲੇ ਪਰਿਵਾਰਾਂ ਨੂੰ ਵੀ ਮਿਲੇਗਾ ਲਾਡੋ ਲਕਸ਼ਮੀ ਯੋਜਨਾ ਦਾ ਲਾਭ -ਸੀਐਮ ਸੈਣੀ

ਮੁੱਖ ਮੰਤਰੀ ਨੇ ਕਾਲੀਰਾਨੋ, ਸੁਲਤਾਨਪੁਰ, ਸੋਂਟੀ ਅਤੇ ਬੀੜ ਸੋਂਟੀ ਪਿੰਡਾਂ ਵਿੱਚ 1.12 ਕਰੋੜ ਰੁਪਏ ਦੇ ਕੀਤੇ ਐਲਾਨ

ਚੰਡੀਗੜ੍ਹ ,20 ਸਤੰਬਰ (ਰਾਜੇਂਦਰ ਸਿੰਘ ਜਾਦੌਂ):- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਨਵੰਬਰ ਦੇ ਮਹੀਨੇ ਵਿੱਚ 1.80 ਲੱਖ ਰੁਪਏ ਤੱਕ ਦੀ ਆਮਦਨ ਵਾਲੀਆਂ ਯੋਗ ਔਰਤਾਂ ਨੂੰ ਲਾਡੋ ਲਕਸ਼ਮੀ ਦਾ ਲਾਭ ਮਿਲੇਗਾ। ਸਰਕਾਰ ਨੇ ਦੀਨਦਿਆਲ ਲਾਡੋ ਲਕਸ਼ਮੀ ਨਾਂ ਦੀ ਮਹੱਤਵਪੂਰਨ ਯੋਜਨਾ ਨੂੰ ਲਾਗੂ ਕਰਕੇ ਔਰਤਾਂ ਨੂੰ ਪ੍ਰਤੀ ਮਹੀਨਾ 2100 ਰੁਪਏ ਦੇਣ ਦੇ ਵਾਅਦੇ ਨੂੰ ਪੂਰਾ ਕੀਤਾ ਹੈ। ਹੁਣੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ 'ਤੇ 17 ਸਤੰਬਰ ਨੂੰ ਯੋਜਨਾ ਦਾ ਵਿਸਥਾਰ ਕੀਤਾ ਗਿਆ ਹੈ, ਹੁਣ 1.80 ਲੱਖ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਨੂੰ ਲਾਭਪਾਤਰੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਵਿਸਥਾਰ ਤੋਂ ਬਾਅਦ ਅਪਲਾਈ ਕਰਨ ਲਈ ਪੋਰਟਲ ਖੋਲ੍ਹ ਦਿੱਤਾ ਗਿਆ ਹੈ ਅਤੇ ਯੋਗ ਔਰਤਾਂ ਨੂੰ ਇੱਕ ਨਵੰਬਰ ਦੇ ਦਿਨ ਯੋਜਨਾ ਦਾ ਲਾਭ ਪਹੁੰਚਾਇਆ ਜਾਵੇਗਾ। ਹੁਣ ਤੱਕ 1 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰ ਇਸ ਯੋਜਨਾ ਦੇ ਯੋਗ ਸਨ। ਇਸ ਯੋਜਨਾ ਤਹਿਤ ਯੋਗ ਔਰਤਾਂ ਨੂੰ 2000 ਕਰੋੜ ਰੁਪਏ ਤੋਂ ਵੱਧ ਦੀ ਰਕਮ ਆਨਲਾਈਨ ਰਾਹੀਂ ਉਨ੍ਹਾਂ ਦੇ ਖਾਤਿਆਂ ਵਿੱਚ ਭੇਜੀ ਜਾ ਚੁੱਕੀ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਲਾਡਵਾ ਵਿਧਾਨ ਸਭਾ ਵਿੱਚ ਆਯੋਜਿਤ ਜਨ ਸੰਵਾਦ ਪ੍ਰੋਗਰਾਮਾਂ ਵਿੱਚ ਬੋਲ ਰਹੇ ਸਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਿਛਲੇ 12 ਸਾਲਾਂ ਵਿੱਚ ਸੂਬੇ ਦੇ 2 ਲੱਖ ਨੌਜਵਾਨਾਂ ਨੂੰ ਬਿਨਾਂ ਖਰਚੀ ਪਰਚੀ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀ ਦਿੱਤੀ ਹੈ, ਇਸ ਤੋਂ ਪਹਿਲਾਂ ਦੀ ਸਰਕਾਰ ਵਿੱਚ ਸਰਕਾਰੀ ਨੌਕਰੀ ਪਾਉਣ ਲਈ ਪੈਸਾ ਅਤੇ ਸਿਫਾਰਸ਼ ਲੱਭਣੀ ਪੈਂਦੀ ਸੀ, ਪਰ ਹੁਣ ਗਰੀਬ ਦਾ ਪੁੱਤਰ ਗਰੁੱਪ ਡੀ ਤੋਂ ਲੈ

ਬਾਕੀ ਸਫ਼ਾ 7 'ਤੇ

ਫ਼ਿਲਮ ਸਤਲੁਜ ਲਈ ਲੱਗੀ ਗੋਲਕ ਦੀ ਰਾਸ਼ੀ ਪਿੰਗਲਵਾੜਾ ਨੂੰ ਹੋਵੇਗੀ ਭੇਟ

ਪਟਿਆਲਾ 20 ਸਤੰਬਰ, (ਰਾਜਿੰਦਰ ਸਿੰਘ ਬਿੰਦ)-ਫ਼ਿਲਮ 'ਸਤਲੁਜ' ਦੇ ਸਮਰਥਨ ਵਿੱਚ ਨਾਭਾ ਨੇੜਲੇ ਬੂਹੀ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਲਗਾਈ ਗਈ ਗੋਲਕ ਹੁਣ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਹੋਵੇਗੀ। ਫ਼ਿਲਮ ਦੇ ਨਿਰਮਾਤਾ ਹਨੀ ਤਰੇਹਨ ਨੇ ਗੋਲਕ ਵਿੱਚ ਇਕੱਤਰ ਹੋਈ ਰਾਸ਼ੀ ਪਿੰਗਲਵਾੜਾ, ਅੰਮ੍ਰਿਤਸਰ ਨੂੰ ਭੇਟ ਕਰਨ ਦੀ ਇੱਛਾ ਪ੍ਰਗਟਾਈ ਹੈ। ਨਾਲ ਹੀ ਉਨ੍ਹਾਂ ਨੇ ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਅਣਮੁੱਲੇ ਸਮਰਥਨ ਲਈ ਦਿਲੋਂ ਧੰਨਵਾਦ ਵੀ ਕੀਤਾ। ਹਨੀ ਤਰੇਹਨ ਨੇ ਸੋਸ਼ਲ ਮੀਡੀਆ 'ਤੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਦਲਵੀਰ ਸਿੰਘ ਬੂਹੀ

ਬਾਕੀ ਸਫ਼ਾ

ਨਸ਼ਿਆਂ ਦੇ ਖ਼ਾਤਮੇ ਲਈ ਅਹਿਮ ਉਪਰਾਲੇ ਵਜੋਂ ਉੱਭਰੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ - ਅਮੀਤ ਖੁੱਡੀਆਂ

ਹਲਕਾ ਲੰਬੀ ਦੀ ਨਸ਼ਾ ਮੁਕਤੀ ਮੋਰਚਾ ਟੀਮ ਨੂੰ ਮੁਹਿੰਮ ਦੇ ਅੰਤਿਮ ਪੜਾਅ ਬਾਰੇ ਕਰਵਾਇਆ ਜਾਣੂੰ

ਲੰਬੀ/ਸ੍ਰੀ ਮੁਕਤਸਰ ਸਾਹਿਬ, 20 ਸਤੰਬਰ :(ਆਦੇਸ਼)ਵਿਧਾਨ ਸਭਾ ਹਲਕਾ ਲੰਬੀ ਦੇ ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਮੀਖਿਆ ਮੀਟਿੰਗ ਪਿੰਡ ਬਾਦਲ ਦੇ ਰੈਸਟ ਹਾਊਸ ਵਿਖੇ ਅਮੀਤ ਟੀਮਾ ਖੁੱਡੀਆਂ ਦੀ ਪ੍ਰਧਾਨਗੀ ਹੇਠ ਹੋਈ। ਇਸ ਸਮੀਖਿਆ ਮੀਟਿੰਗ ਦੌਰਾਨ ਹੇਠਲੇ ਪੱਧਰ ਤੱਕ ਸਾਂਝੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਅਤੇ ਹਲਕੇ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਕੀਤੇ ਜਾਣ ਵਾਲੇ ਉਪਰਾਲਿਆਂ ਨੂੰ ਹੋਰ ਤੇਜ਼ ਕਰਨ @ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਅਮੀਤ ਖੁੱਡੀਆਂ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਜੰਗ ਸਾਂਝੀ ਜ਼ਿੰਮੇਵਾਰੀ ਹੈ ਅਤੇ ਅਸੀਂ ਮਿਲ ਕੇ ਪੰਜਾਬ ਦੀ ਨੌਜਵਾਨ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਕਰਾਂਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਲਾਹਨਤ ਦੇ ਜੜ੍ਹੋਂ ਖ਼ਾਤਮੇ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਹਿਮ ਉਪਰਾਲੇ ਵਜੋਂ ਉੱਭਰੀ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਾਲ-ਨਾਲ ਮੁੜ ਵਸੇਬਾ ਉਪਾਵਾਂ ਸਮੇਤ ਬਹੁ-ਮੰਤਵੀ ਪਹੁੰਚ ਨੂੰ ਅਪਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਖੇਡਾਂ ਅਤੇ ਹੋਰ ਉਸਾਰੂ ਗਤੀਵਿਧੀਆਂ ਵੱਲ ਲਗਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ, ਇਸ ਲਈ ਪਿੰਡਾਂ ਵਿੱਚ ਖੇਡ ਸਟੇਡੀਅਮ ਉਸਾਰੇ ਜਾ ਰਹੇ ਹਨ ਅਤੇ @ਖੇਡਾਂ ਵਤਨ ਪੰਜਾਬ ਦੀਆਂ@ ਵਰਗੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ ਜੋ ਨੌਜਵਾਨਾਂ ਦੀ ਖੇਡਾਂ ਵਿੱਚ ਸ਼ਮੂਲੀਅਤ ਵਿੱਚ ਮਹੱਤਪੂਰਨ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਨਸ਼ਿਆਂ ਤੋਂ ਪ੍ਰਭਾਵਿਤ ਲੋਕਾਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਚਲਾਈ ਗਈ ਇਸ ਮੁਹਿੰਮ ਦੌਰਾਨ 76000 ਤੋਂ ਵੱਧ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਅਗਲੇ ਪੜਾਅ ਦੌਰਾਨ ਨਸ਼ਾ ਮੁਕਤੀ ਮੋਰਚਾ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਚਲਾਈ ਗਈ ਇਸ ਮੁਹਿੰਮ ਦੌਰਾਨ 76000 ਤੋਂ ਵੱਧ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਅਗਲੇ ਪੜਾਅ ਦੌਰਾਨ ਨਸ਼ਾ ਮੁਕਤੀ ਮੋਰਚਾ ਮੈਂਬਰਾਂ ਵਲੋਂ ਹਰੇਕ ਪਿੰਡ ਅਤੇ ਵਾਰਡ ਵਿੱਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਜਾਗਰੂਕਤਾ ਫੈਲਾਈ ਜਾਵੇਗੀ ਅਤੇ ਨਸ਼ਿਆਂ ਖਿਲਾਫ਼ ਜੰਗ ਦੀ ਪ੍ਰਗਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਬੁਲਾਰਿਆਂ ਵੱਲੋਂ ਵੀ ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀ ਦੇ ਮੈਂਬਰਾਂ ਨੂੰ ਆਪਣੇ-ਆਪਣੇ ਪਿੰਡਾਂ 'ਤੇ ਵਾਰਡਾਂ ਵਿੱਚ ਸਰਗਰਮ ਰਹਿ ਕੇ ਲੋਕਾਂ ਨਾਲ ਜੁੜੇ ਰਹਿਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਐਸ.ਡੀ.ਐਮ. ਪੰਕਜ ਬਾਂਸਲ, ਬੀ.ਡੀ.ਪੀ.ਓ. ਰਾਕੇਸ਼ ਬਿਸ਼ਨੋਈ, ਐਸ.ਐਚ.ਓ. ਜਸਵੀਰ ਸਿੰਘ, ਐਸ.ਐਚ.ਓ. ਗੁਰਦੀਪ ਸਿੰਘ, ਯਾਦਵਿੰਦਰ ਸਿੰਘ ਹਰੀਕੇ ਕਲਾਂ ਜ਼ਿਲ੍ਹਾ ਪ੍ਰਧਾਨ, ਜਗਸੀਰ ਸਿੰਘ ਜੈਮੂਆਣਾ ਜ਼ਿਲਾ ਵਾਈਸ ਕੋਆਰਡੀਨੇਟਰ, ਮਨਜੀਤ ਸਿੰਘ ਮਿੱਡਾ ਹਲਕਾ ਕੋਆਰਡੀਨੇਟਰ, ਹਰਪ੍ਰੀਤ ਸਿੰਘ ਭੀਟੀ ਵਾਲਾ ਹਲਕਾ ਵਾਈਸ ਕੋਆਰਡੀਨੇਟਰ, ਦਿਲਬਾਗ ਸਿੰਘ ਪੰਨੀ ਵਾਲਾ ਹਲਕਾ ਵਾਈਸ ਕੋਆਰਡੀਨੇਟਰ, ਸ਼ਿਵਰਾਜ ਸਿੰਘ ਮਿਠੜੀ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ ਕਰਮਗੜ ਬਲਾਕ ਪ੍ਰਧਾਨ, ਗੁਰਵਿੰਦਰ ਸਿੰਘ ਗੁਰੂ ਸਰ ਯੋਧਾ ਬਲਾਕ ਪ੍ਰਧਾਨ, ਸ਼ਮਸ਼ੇਰ ਸਿੰਘ ਰਾਣੀ ਵਾਲਾ ਬਲਾਕ ਪ੍ਰਧਾਨ, ਹਰਚਰਨ ਸਿੰਘ ਨੰਬਰਦਾਰ ਬਲਾਕ ਪ੍ਰਧਾਨ, ਗੁਰਚਰਨ ਸਿੰਘ ਖਾਲਸਾ ਬਲਾਕ ਪ੍ਰਧਾਨ, ਹਰਪਾਲ ਸਿੰਘ ਬਲਾਕ ਪ੍ਰਧਾਨ ਤੋਂ ਇਲਾਵਾ ਸਮੂਹ ਪਿੰਡਾਂ ਦੇ ਪੰਚ-ਸਰਪੰਚ ਅਤੇ ਵੀਡੀਸੀ ਕਮੇਟੀ ਦੇ ਮੈਂਬਰ ਹਾਜ਼ਰ ਸਨ।

ਰਾਕੇਸ਼ ਬੱਗਾ ਵੱਲੋਂ ਪ ਬਾਲਮੀਕੀ ਭਾਈਚਾਰੇ ਨਾਲ ਵਿਸ਼ੇਸ਼ ਮੀਟਿੰਗ, ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

ਸਨੌਰ 19 ਸਤੰਬਰ (ਰਾਜਿੰਦਰ ਸਿੰਘ ਥਿੰਦ) ਉੱਘੇ ਸਮਾਜ ਸੇਵੀ ਅਤੇ ਹਲਕਾ ਸਨੌਰ ਤੋਂ ਅਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੇ ਅੱਜ ਪਿੰਡ ਬੁੜੇਮਾਜਰਾ ਵਿਖੇ ਬਾਲਮੀਕੀ ਭਾਈਚਾਰੇ ਦੇ ਲੋਕਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਦੌਰਾਨ ਭਾਈਚਾਰੇ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ, ਮੰਗਾਂ ਅਤੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ ਗਈ।ਇਸ ਮੌਕੇ ਬਾਲਮੀਕੀ ਭਾਈਚਾਰੇ ਦੇ ਲੋਕਾਂ ਨੇ ਆਪਣੇ ਇਲਾਕੇ ਨਾਲ ਸਬੰਧਤ ਕਈ ਮਸਲੇ ਆਗੂਆਂ ਦੇ ਧਿਆਨ ਵਿੱਚ ਲਿਆਂਦੇ। ਲੋਕਾਂ ਨੇ ਕਿਹਾ ਕਿ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਨਾਲ ਜੁੜੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਣਾ ਚਾਹੀਦਾ ਹੈ। ਮੀਟਿੰਗ ਦੌਰਾਨ ਹਾਜ਼ਰ ਆਗੂਆਂ ਵੱਲੋਂ ਲੋਕਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਰਾਕੇਸ਼ ਬੱਗਾ ਨੇ ਕਿਹਾ ਕਿ ਕਿਸੇ ਵੀ ਇਲਾਕੇ ਦੀ ਤਰੱਕੀ ਲਈ ਲੋਕਾਂ ਨਾਲ ਲਗਾਤਾਰ ਸੰਪਰਕ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਸਾਹਮਣੇ ਲਿਆਂਦੇ ਗਏ ਮਸਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਜਿੱਥੇ ਲੋੜ ਹੋਵੇਗੀ, ਉੱਥੇ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਦੇ ਧਿਆਨ ਵਿੱਚ ਮਾਮਲੇ ਲਿਆਂਦੇ ਜਾਣਗੇ। ਉਨ੍ਹਾਂ ਕਿਹਾ ਕਿ ਬਾਲਮੀਕੀ ਭਾਈਚਾਰੇ ਸਮੇਤ ਹਰ ਵਰਗ ਦੇ ਲੋਕਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਅਤੇ ਉਨ੍ਹਾਂ ਦੀ ਆਵਾਜ਼ ਨੂੰ ਸਬੰਧਤ ਪੱਧਰ ਤੱਕ ਪਹੁੰਚਾਉਣਾ ਜ਼ਰੂਰੀ ਹੈ। ਮੀਟਿੰਗ ਦੌਰਾਨ ਲੋਕਾਂ ਦੀਆਂ ਜ਼ਰੂਰਤਾਂ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਪ੍ਰਧਾਨ ਕੁਲਦੀਪ ਭੰਬੂਆਂ,ਬਲਵੀਰ ਸਿੰਘ ,ਬਾਲਮੀਕੀ ਭਾਈਚਾਰੇ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਮਾਨ ਸਰਕਾਰ ਵਲੋਂ ਪੰਜਾਬ ਅੰਦਰ ਅਮਨ-ਕਾਨੂੰਨ ਅਤੇ ਸ਼ਾਂਤੀ ਮੁਹੱਈਆ ਹੋਣ ਮਗਰੋਂ ਮੇਲੇ ਲੱਗ ਰਹੇ ਹਨ : ਤੇਜਿੰਦਰ ਮਹਿਤਾ

ਪਟਿਆਲਾ, 20 ਸਤੰਬਰ (ਰਾਜਿੰਦਰ ਥਿੰਦ)-ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਵਲੋਂ ਪੰਜਾਬ ਅੰਦਰ ਅਮਨ-ਕਾਨੂੰਨ ਅਤੇ ਸ਼ਾਂਤੀ ਸਥਾਪਤ ਕਰਨ ਦੇ ਕਾਰਨ ਹੀ ਅੱਜ ਪੰਜਾਬ ਅੰਦਰ ਸ਼ਾਂਤੀ ਦਾ ਮਾਹੌਲ ਬਣਿਆਂ ਹੋਇਆ ਹੈ। ਅਮਨ-ਕਾਨੂੰਨ ਸਥਾਪਤ ਹੋਣ ਨਾਲ ਹੀ ਪੰਜਾਬ ਅੰਦਰ ਅੱਜ ਖੇਡ ਅਤੇ ਸੱਭਿਆਚਾਰਕ ਮੇਲੇ ਲੱਗ ਰਹੇ ਹਨ। ਪਟਿਆਲਾ ਵਿਖੇ ਸੱਭਿਆਚਾਰ ਨੂੰ ਸਮਰਪਿਤ ਲੱਗੇ ਸਵਦੇਸ਼ੀ ਮੇਲੇ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣ ਸਮੇਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਤੇਜਿੰਦਰ ਮਹਿਤਾ ਵਲੋਂ ਸ਼ਾਮਲ ਹੋਣ ਸਮੇਂ ਪੰਜਾਬੀ ਦੇ ਪ੍ਰਸਿੱਧ ਗਾਇਕ ਆਰ ਨੇਤ ਵਲੋਂ ਪੇਸ਼ ਕੀਤੇ ਇਕ ਸੱਭਿਆਚਾਰਕ ਪ੍ਰੋਗਰਾਮ ਸਮੇਂ ਉਨ੍ਹਾਂ ਨੂੰ ਸਨਮਾਨਤ ਕਰਨ ਸਮੇਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਗਿਆ। ਸ਼੍ਰੀ ਮਹਿਤਾ ਨੇ ਇਸ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਆਪਣੀ ਟੀਮ ਸਮੇਤ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ । ਇਸ ਮੌਕੇ ਉਨ੍ਹਾਂ ਨੇ ਪ੍ਰਸਿੱਧ ਗਾਇਕ ਆਰ ਨੇਤ ਨੂੰ ਸਨਮਾਨਤ ਕੀਤਾ। ਉਨ੍ਹਾਂ ਕਿਹਾ ਕਿ ਆਰ ਨੇਤ ਦੇਸ਼-ਵਿਦੇਸ਼ ਵਿੱਚ ਆਪਣੀ ਗਾਇਕੀ ਨਾਲ ਨਾਮਣਾ ਖੱਟ ਚੁੱਕੇ ਹਨ ਅਤੇ ਉਨ੍ਹਾਂ ਨੇ ਪੰਜਾਬ ਦਾ ਨਾਮ ਦੁਨੀਆਂ ਭਰ ਵਿਚ ਉਚਾ ਕੀਤਾ ਹੈ। ਇਸ ਮੌਕੇ ਮਹਿਤਾ ਨੇ ਮੇਲੇ ਵਿੱਚ ਪਹੁੰਚੇ ਸਮੂਹ ਕਲਾਕਾਰਾਂ ਅਤੇ ਕਲਾ ਪ੍ਰੇਮੀਆਂ ਦਾ ਪਟਿਆਲਾ ਦੀ ਧਰਤੀ 'ਤੇ ਦਿਲੋਂ ਜੀ ਆਇਆਂ ਨੂੰ ਆਖਿਆ। ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਸਾਡੀ ਪੰਜਾਬੀ ਕਲਾ, ਸੰਗੀਤ ਅਤੇ ਵਿਰਸੇ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਪਟਿਆਲਾ ਦੀ ਧਰਤੀ 'ਤੇ ਰੌਣਕਾਂ ਲਾਉਣ ਲਈ ਸਾਰੇ ਕਲਾਕਾਰਾਂ ਅਤੇ ਮੇਲੇ ਦਾ ਆਨੰਦ ਲੈ ਰਹੇ ਪਟਿਆਲਵੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ।

ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਲੋੜਵੰਦ ਬਜ਼ੁਰਗਾਂ ਨੂੰ ਦਿੱਤਾ ਜਰੂਰਤ ਦਾ ਸਮਾਨ

ਨਾਭਾ, 20 ਸਤੰਬਰ (ਰਾਕੇਸ਼ ਜਿੰਦਲ ਸ਼ੁਭਮ ਜਿੰਦਲ) ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਪ੍ਰਧਾਨ ਓਮ ਪ੍ਰਕਾਸ਼ ਠੇਕੇਦਾਰ ਦੀ ਅਗਵਾਈ ਵਿੱਚ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਵਧ ਚੜ ਕੇ ਕੀਤੇ ਜਾਂਦੇ ਹਨ। ਉੱਥੇ ਹੀ ਸੰਸਥਾ ਸੂਬਾ ਕੈਸ਼ੀਅਰ ਅਸ਼ਵਨੀ ਮਦਾਨ ਅਤੇ ਇਕਾਈ ਨਾਭਾ ਦੇ ਜਨਰਲ ਸਕੱਤਰ ਵਿਕਾਸ ਮਿੱਤਲ ਨੇ ਦੱਸਿਆ ਕਿ ਪਟਿਆਲਾ ਦੇ ਪਿੰਡ ਰੋਗਲਾ ਦੇ ਓਲਡ ਏਜ ਹੋਮ ਆਸ਼ਰਮ ਵਿਖੇ ਖਾਣ ਪੀਣ ਦਾ ਸਮਾਨ ਜਿਵੇਂ, ਆਟਾ, ਫਰੂਟ, ਰਸ, ਬਿਸਕੁਟ, ਚਾਵਲ ਅਤੇ ਬਜ਼ੁਰਗਾਂ ਲਈ ਡਾਇਪਰ ਦਿੱਤੇ ਗਏ ਹਨ। ਉਹਨਾਂ ਲੋੜੀਂਦਾ ਸਮਾਨ ਬਜ਼ੁਰਗਾਂ ਨੂੰ ਦੇਣ ਲਈ ਨੀਲਮ ਵਰਮਾ ਦਾ ਸਹਿਯੋਗ ਦੇਣ ਤੇ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਇਹ ਉਮੀਦ ਕੀਤੀ ਕਿ ਇਸ ਤਰ੍ਹਾਂ ਹੀ ਇਹ ਦਾਨੀ ਲੋਕ ਜਰੂਰਤਮੰਦ ਲੋਕਾਂ ਦੀ ਸੇਵਾ ਕਰਦੇ ਰਹਿਣ ਅਤੇ ਇਨ੍ਹੇ ਘੱਟ ਸਮੇਂ ਵਿੱਚ ਸਮਾਜ ਸੇਵੀ ਲੋਕ ਮਦਦ ਲਈ ਅੱਗੇ ਆਉਂਦੇ ਰਹਿਣ। ਇਸ ਮੌਕੇ ਲਖਵਿੰਦਰ ਸਗੀਨ ਨੇ ਭਾਰਤ ਵਿਕਾਸ ਪ੍ਰੀਸ਼ਦ ਦੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਡੀ ਮੰਗ ਨੂੰ ਮੁੱਖ ਰੱਖਦੇ ਹੋਏ ਆਸ਼ਰਮ ਵਿਚ ਜਰੂਰਤ ਦਾ ਸਮਾਨ ਦੇ ਕੇ ਸੰਸਥਾ ਦੇ ਮੈਂਬਰਾਂ ਨੇ ਸੇਵਾ ਕੀਤੀ ਹੈ। ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਸੰਸਥਾ ਦਿਨ ਦੁਗਣੀ ਅਤੇ ਰਾਤ ਚੁਗਣੀ ਤਰੱਕੀ ਕਰੇ ਅਤੇ ਲੋਕਾਂ ਦਾ ਸਹਿਯੋਗ ਇਹ ਸੰਸਥਾ ਦੇ ਮੈਂਬਰਾਂ ਨੂੰ ਹਮੇਸ਼ਾ ਮਿਲਦਾ ਰਹੇ। ਬਜ਼ੁਰਗਾਂ ਨੇ ਸਮਾਨ ਲੈਣ ਉਪਰੰਤ ਕਿਹਾ ਕਿ ਉਹ ਆਸ ਪ੍ਰਗਟ ਕਰਦੇ ਹਨ ਕਿ ਭਾਰਤ ਵਿਕਾਸ ਪ੍ਰੀਸ਼ਦ ਸੰਸਥਾ ਲੋੜਵੰਦ ਵਲ ਵਿਸ਼ੇਸ਼ ਤੌਰ ਤੇ ਧਿਆਨ ਦਿੰਦੀ ਰਹੇ। ਇਸ ਮੌਕੇ ਸ਼ੀਤਲ ਜੈਨ, ਸੁਨੀਲ ਗੁਪਤਾ, ਦਰਸ਼ਨ ਜੀਦੀਆ, ਅਨੂਪ੍ਰੀਆ ਗਰਗ, ਸੁਧਾ ਰਾਣੀ, ਹੀਨਾ ਸਿੰਗਲਾ, ਆਸ਼ਾ ਜੈਨ, ਰਜਨੀ ਮਿੱਤਲ ਆਦਿ ਨੇ ਕਿਹਾ ਕਿ ਇਹ ਕਾਰਜ ਨੀਲਮ ਵਰਮਾ ਨੇ ਆਪਣੇ ਸਵਰਗੀ ਬੇਟੇ ਅਭਿਨਵ ਦੀ ਨਿੱਘੀ ਯਾਦ ਵਿੱਚ ਕੀਤਾ ਹੈ ।

ਗੌਸ਼ਾਲਾ ਰੋਡ 'ਤੇ ਬਣੇ ਨਵੇਂ 'ਮਲਹੋਤਰਾਜ਼ ਐਮ ਸੁਕਾਇਰਸ , ਕਮਰਸ਼ੀਆਲ ਲਈ ਮਹਾਰਾਜਾ ਰੀਜੈਂਸੀ ਵਿਖੇ ਡੀਲਰ ਮੀਟ ਆਯੋਜਿਤ

ਸਰਬਜੀਤ ਸੂਫ਼ੀ ਲੁਧਿਆਣਾ: ਗੌਸ਼ਾਲਾ ਰੋਡ, ਲੁਧਿਆਣਾ ਸਥਿਤ ਨਵੇਂ ਬਣੇ ਸ਼ਾਪਿੰਗ ਕੰਪਲੈਕਸ @ਮਲਹੋਤਰਾਜ਼ ਐਮ ਸੁਕਾਇਆਰ ਦੀ ਜਾਣ-ਪਛਾਣ ਕਰਵਾਉਣ ਲਈ ਮਹਾਰਾਜਾ ਰੀਜੈਂਸੀ ਵਿਖੇ ਇੱਕ ਡੀਲਰ ਮੀਟ ਦਾ ਆਯੋਜਨ ਕੀਤਾ ਗਿਆ। ਇਸ ਆਉਣ ਵਾਲੇ ਕਮਰਸ਼ੀਅਲ ਅਤੇ ਲਾਈਫਸਟਾਈਲ ਕੇਂਦਰ ਨੂੰ ਵਿਸ਼ਵ ਪੱਧਰੀ ਸਹੂਲਤਾਂ ਅਤੇ ਆਧੁਨਿਕ ਬੁਨਿਆਦੀ ਢਾਂਚੇ ਦੀ ਪੇਸ਼ਕਸ਼ ਕਰਨ ਵਾਲੇ ਇੱਕ ਆਧੁਨਿਕ ਕੰਪਲੈਕਸ ਵਜੋਂ ਪੇਸ਼ ਕੀਤਾ ਗਿਆ। ਮੀਟਿੰਗ ਦੌਰਾਨ, ਸੇਲਜ਼ ਹੈੱਡ ਦਿਵਾਂਸ਼ੂ ਅਰੋੜਾ ਨੇ ਡੀਲਰਾਂ ਨੂੰ @ਐਮ ਸਕੇਅਰ@ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਦੀਆਂ ਮੁੱਖ ਵਿਸ਼ੇਸ਼ਤਾਵਾਂ @ਤੇ ਚਾਨਣਾ ਪਾਇਆ, ਜਿਨ੍ਹਾਂ ਵਿੱਚ ਓ.ਟੀ.ਟੀ. ਸਿਨੇਮਾ ਸਕ੍ਰੀਨਾਂ, ਫਾਈਨ-ਡਾਇਨਿੰਗ ਰੈਸਟੋਰੈਂਟ, ਸੁਰੱਖਿਅਤ ਭੂਮੀਗਤ (ਅੰਡਰਗ੍ਰਾਊਂਡ) ਕਾਰ ਪਾਰਕਿੰਗ, ਇੱਕ ਉੱਨਤ ਅੱਗ ਬੁਝਾਊ ਪ੍ਰਣਾਲੀ, ਮੌਸਮ-ਨਿਯੰਤਰਿਤ ਸਥਾਨ, ਕਿਡਜ਼ ਪਲੇ ਜ਼ੋਨ, ਸੁਚਾਰੂ ਐਸਕੇਲੇਟਰ ਅਤੇ ਆਧੁਨਿਕ ਕੈਪਸੂਲ ਲਿਫਟਾਂ ਸ਼ਾਮਲ ਹਨ। ਇਸ ਪ੍ਰੋਜੈਕਟ ਦੇ ਭਾਈਵਾਲਾਂ ਅਤੇ ਸਲਾਹਕਾਰਾਂ ਵਿੱਚ ਅਰਨਸਟ ਐਂਡ ਯੰਗ , ਲੈਮਬਰਟ ਸਮਿਥ ਹੈਂਪਟਨ, ਸਿੰਟਨਜ਼ ਲਾਅ, ਵਿਲਿਸ ਟਾਵਰਜ਼ ਵਾਟਸਨ, ਬਿਡਫੂਡ, ਪੀ.ਡਬਲਯੂ.ਸੀ. ਹੈਨੇਕੇਨ, ਮੈਟਰੋ ਬੈਂਕ, ਹੈਂਡਲਸਬੈਂਕਨ, ਐਚ.ਐਸ.ਬੀ.ਸੀ. ਅਤੇ ਕਲਾਈਡਸਡੇਲ ਬੈਂਕ ਵਰਗੇ ਮੁੱਖ ਨਾਮ ਸ਼ਾਮਲ ਹਨ। ਇਸ ਡੀਲਰ ਮੀਟ ਵਿੱਚ ਸੋਨੂ ਕਵ

ਕਿਸਾਨਾਂ ਦੀ ਝੋਨੇ ਦੀ ਫ਼ਸਲ ਦੇ ਇੱਕ-ਇੱਕ ਦਾਣੇ ਦੀ ਹੋਵੇਗੀ ਖ਼ਰੀਦ: ਸੀਐਮ ਸੈਣੀ

ਚੰਡੀਗੜ੍ਹ, 20 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਝੋਨੇ ਦੀ ਫ਼ਸਲ ਦੀ ਖ਼ਰੀਦ ਦੌਰਾਨ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਮਿਲਣ 'ਤੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਸੀਜ਼ਨ ਵਿੱਚ ਕਿਸਾਨਾਂ ਨੂੰ ਕਿਸੇ ਵੀ ਦਿੱਕਤ ਅਤੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਮੇਰੀ ਫ਼ਸਲ ਮੇਰਾ ਬਿਓਰਾ ਪੋਰਟਲ ਨੂੰ ਕਿਸਾਨਾਂ ਲਈ 21 ਤੋਂ 27 ਸਤੰਬਰ ਤੱਕ ਅਰਜ਼ੀ ਲਈ ਖੋਲ੍ਹਿਆ ਜਾ ਰਹਾ ਹੈ। ਜਿਨ੍ਹਾਂ ਕਿਸਾਨਾਂ ਦੀ ਵੈਰੀਫਿਕੇਸ਼ਨ ਦਾ ਕੰਮ ਪੈਂਡਿੰਗ ਹੈ, ਉਹ ਐਸ.ਡੀ.ਐਮ. ਕੋਲ ਆਪਣੀ ਅਰਜ਼ੀ ਦੇਣ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਬਾਬੈਨ ਮਾਰਕੀਟ ਕਮੇਟੀ ਦਫ਼ਤਰ ਵਿੱਚ ਆਯੋਜਿਤ ਮੀਟਿੰਗ ਨੂੰ ਸੰਬੋਧਤ ਕਰ ਰਹੇ ਸਨ। ਇਸ ਮੀਟਿੰਗ ਵਿੱਚ ਕਿਸਾਨ, ਆੜ੍ਹਤੀ, ਵਪਾਰੀ, ਰਾਈਸ ਮਿਲਰ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਰਹੇ। ਮੁੱਖ ਮੰਤਰੀ ਨੇ ਅਧਿਕਾਰੀਆਂ ਨਾਲ ਝੋਨੇ ਦੀ ਫ਼ਸਲ ਦੀ ਖ਼ਰੀਦ ਦੇ ਸਬੰਧ ਵਿੱਚ ਚਰਚਾ ਕੀਤੀ। ਇਸ ਦੌਰਾਨ ਖ਼ੁਰਾਕ ਸਪਲਾਈ ਵਿਭਾਗ ਅਤੇ ਮੰਡੀ ਪ੍ਰਸ਼ਾਸਨ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹੁਣ ਕਿਸਾਨਾਂ ਦੀ ਫ਼ਸਲ ਦੀ ਵੈਰੀਫਿਕੇਸ਼ਨ ਅਤੇ ਐਮ.ਐਫ.ਐਮ.ਬੀ. ਪੋਰਟਲ 'ਤੇ ਅਰਜ਼ੀ ਨਾ ਹੋਣ ਦੀ ਜਾਣਕਾਰੀ ਨੋਟਿਸ ਵਿੱਚ ਆਈ ਸੀ, ਜਿਸ ਨੂੰ ਦੇਖਦੇ ਹੋਏ ਸਰਕਾਰ ਨੇ ਅਧਿਕਾਰੀਆਂ ਨੂੰ ਪੋਰਟਲ ਓਪਨ ਕਰਨ ਦੇ ਨਿਰਦੇਸ਼ ਦਿੱਤੇ ਹਨ। ਹੁਣ 21 ਤੋਂ 27 ਸਤੰਬਰ ਤੱਕ ਪੋਰਟਲ ਚਾਲੂ ਰਹੇਗਾ, ਜਿੱਥੇ ਕਿਸਾਨ ਆਪਣੀ ਅਰਜ਼ੀ ਦੇ ਸਕਦੇ ਹਨ ਅਤੇ ਜਿਨ੍ਹਾਂ ਕਿਸਾਨਾਂ ਦੀ ਅਰਜ਼ੀ ਦੀ ਵੈਰੀਫਿਕੇਸ਼ਨ ਪੈਂਡਿੰਗ ਹੈ, ਉਹ ਆਪਣੇ ਐਸ.ਡੀ.ਐਮ. ਨੂੰ ਲਿਖਤੀ ਵਿੱਚ ਦੇਣ, ਤਾਂ ਜੋ ਉਨ੍ਹਾਂ ਦੀ ਵੈਰੀਫਿਕੇਸ਼ਨ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਹਿਲੇ ਦਿਨ ਤੋਂ ਹੀ ਕਿਸਾਨਾਂ ਲਈ ਨੀਤੀਆਂ ਅਤੇ ਯੋਜਨਾਵਾਂ ਨੂੰ ਲਾਗੂ ਕੀਤਾ ਹੈ। ਸੂਬੇ ਦੇ ਕਿਸਾਨਾਂ ਦੀਆਂ ਸਾਰੀਆਂ 24 ਫ਼ਸਲਾਂ ਨੂੰ ਐਮ.ਐਸ.ਪੀ. 'ਤੇ ਖ਼ਰੀਦਿਆ ਜਾ ਰਿਹਾ ਹੈ। ਸਬਜ਼ੀਆਂ ਦੀਆਂ ਫ਼ਸਲਾਂ 'ਤੇ ਭਾਵਾਂਤਰ ਭਰਪਾਈ ਯੋਜਨਾ ਦਾ ਲਾਭ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ 6 ਹਜ਼ਾਰ ਰੁਪਏ ਸਾਲਾਨਾ ਸਿੱਧੇ ਖ਼ਾਤਿਆਂ ਵਿੱਚ ਭੇਜੇ ਜਾ ਰਹੇ ਹਨ। ਕਿਸਾਨਾਂ ਦੀਆਂ ਫ਼ਸਲਾਂ ਦਾ ਬੀਮਾ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਸਬਸਿਡੀ 'ਤੇ ਖੇਤੀਬਾੜੀ ਸੰਦ ਮੁਹੱਈਆ ਕਰਵਾਏ ਜਾ ਰਹੇ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਵਿਸ਼ਰਾਮ ਕੁਮਾਰ ਮੀਣਾ, ਸਰਪੰਚ ਸੰਜੀਵ ਗੋਲਡੀ, ਮਾਰਕੀਟ ਕਮੇਟੀ ਸਕੱਤਰ ਗੁਰਮੀਤ ਸੈਣੀ ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਰਹੇ।

ਰਾਧਾ ਅਸ਼ਟਮੀ 'ਤੇ ਸ਼ਿਵਾਲਿਕ ਸਿਟੀ ਵਿੱਚ ਗੂੰਜੀ ਪ੍ਰਭਾਤ ਫੇਰੀ ਮੰਦਰ ਵਿੱਚ ਅਭਿਸ਼ੇਕ, ਕੀਰਤਨ ਤੇ ਭੰਡਾਰੇ ਦਾ ਆਯੋਜਨ

(ਸ਼ਸ਼ੀ ਪਾਲ ਜੈਨ) ਖਰੜ, 20 ਸਤੰਬਰ: ਰਾਧਾ ਅਸ਼ਟਮੀ ਦੇ ਸਬੰਧ ਵਿੱਚ ਸ਼੍ਰੀ ਸ਼੍ਰੀ ਬਾਂਕੇ ਬਿਹਾਰੀ ਮੰਦਰ ਗਊਸ਼ਾਲਾ ਸੇਵਾ ਕਮੇਟੀ, ਲਾਂਡਰਾਂ ਰੋਡ ਖਰੜ ਵੱਲੋਂ ਪੰਜਵੇਂ ਦਿਨ ਸਵੇਰੇ 5 ਵਜੇ ਪ੍ਰਭਾਤ ਫੇਰੀ ਕੱਢੀ ਗਈ। ਪ੍ਰਭਾਤ ਫੇਰੀ ਦੇ ਸ਼ਿਵਾਲਿਕ ਸਿਟੀ ਪਹੁੰਚਣ 'ਤੇ ਸ਼ਰਧਾਲੂਆਂ ਨੇ ਸ਼ਰਧਾ ਅਤੇ ਭਗਤੀ ਭਾਵਨਾ ਨਾਲ ਇਸ ਦਾ ਸਵਾਗਤ ਕੀਤਾ। ਘਰ-ਘਰ ਸ਼ਰਧਾ ਨਾਲ ਹੋਇਆ ਪ੍ਰਭਾਤ ਫੇਰੀ ਦਾ ਸਵਾਗਤ ਰਾਜੇਸ਼ ਗੁਪਤਾ, ਸੀਮਾ ਗੁਪਤਾ, ਰਾਕੇਸ਼ ਗੁਪਤਾ, ਰੇਖਾ ਗੁਪਤਾ, ਵਰਿੰਦਰ ਗੁਪਤਾ, ਮੀਨਾਕਸ਼ੀ ਗੁਪਤਾ, ਬ੍ਰਿਜ ਮੋਹਨ, ਮਨੀ ਜੈਨ (ਭਗਵਾਤੀ ਟਰੇਡਰਜ਼), ਰਾਕੇਸ਼ ਬੰਟੀ ਅਤੇ ਸਤਿਅਮ ਮੈਡੀਕਲ ਸਟੋਰ ਦੇ ਸੱਤੀ ਸਮੇਤ ਕਈ ਸ਼ਰਧਾਲੂਆਂ ਨੇ ਆਪਣੇ ਘਰਾਂ ਵਿੱਚ ਪ੍ਰਭਾਤ ਫੇਰੀ ਦਾ ਸਵਾਗਤ ਕੀਤਾ। ਇਸ ਦੌਰਾਨ ਸ਼ਰਧਾਲੂਆਂ ਨੇ ਫੁੱਲਾਂ ਦੀ ਵਰਖਾ ਕਰਦਿਆਂ ਧਾਰਮਿਕ ਉਤਸ਼ਾਹ ਦਾ ਪ੍ਰਗਟਾਵਾ ਕੀਤਾ। ਭਜਨ-ਕੀਰਤਨ ਨਾਲ ਭਗਤੀਮਈ ਹੋਇਆ ਪੂਰਾ ਇਲਾਕਾ ਪ੍ਰਭਾਤ ਫੇਰੀ ਦੌਰਾਨ ਕੀਰਤਨ ਮੰਡਲੀ ਨੇ ਭਜਨ-ਕੀਰਤਨ ਪੇਸ਼ ਕਰਕੇ ਮਾਹੌਲ ਨੂੰ ਭਗਤੀਮਈ ਬਣਾ ਦਿੱਤਾ। ਮੰਡਲੀ ਵਿੱਚ ਮੀਨਾਕਸ਼ੀ ਤਾਂਗੜੀ, ਸੁਨੀਤਾ ਰਾਣਾ, ਊਸ਼ਾ ਧੀਮਾਨ, ਰਜਨੀ ਬੱਟੂ, ਸੀਮਾ, ਲਤਾ, ਪ੍ਰਵੇਸ਼ ਸ਼ਰਮਾ, ਆਸ਼ੂ ਅਤੇ ਗੋਲਡੀ ਸ਼ਾਮਲ ਰਹੇ। ਰਾਧਾ-ਕ੍ਰਿਸ਼ਨ ਦੇ ਜੈਕਾਰਿਆਂ ਨਾਲ ਪੂਰਾ ਇਲਾਕਾ ਗੂੰਜ ਉੱਠਿਆ ਮੰਦਰ ਵਿੱਚ ਵਿਧੀਵਤ ਅਭਿਸ਼ੇਕ ਮਗਰੋਂ ਕੀਰਤਨ ਅਤੇ ਭੰਡਾਰਾ ਬਾਂਕੇ ਬਿਹਾਰੀ ਮੰਦਰ ਵਿੱਚ ਸ਼ਾਮ 6:30 ਵਜੇ ਜੁਗਲਜੋੜੀ ਸਰਕਾਰ ਦਾ ਵਿਧੀਵਤ ਅਭਿਸ਼ੇਕ ਕੀਤਾ ਗਿਆ। ਇਸ ਉਪਰੰਤ ਕੀਰਤਨ ਮੰਡਲੀ ਵੱਲੋਂ ਭਜਨਾਂ ਦਾ ਗੁਣਗਾਨ ਕੀਤਾ ਗਿਆ। ਸ਼ਰਧਾਲੂਆਂ ਨੇ ਭਜਨਾਂ ਦਾ ਆਨੰਦ ਮਾਣਦਿਆਂ ਨੱਚ-ਗਾ ਕੇ ਭਗਤੀ ਕੀਤੀ। ਰਾਤ 8 ਵਜੇ ਭੰਡਾਰੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਪ੍ਰਸਾਦ ਗ੍ਰਹਿਣ ਕੀਤਾ। ਸੇਵਾ ਕਮੇਟੀ ਮੈਂਬਰਾਂ ਨੇ ਸੰਭਾਲੀਆਂ ਸਮਾਗਮ ਦੀਆਂ ਵਿਵਸਥਾਵਾਂ ਇਸ ਮੌਕੇ ਸੇਵਾ ਕਮੇਟੀ ਦੇ ਮੈਂਬਰ ਭੁਪਿੰਦਰ ਸ਼ਰਮਾ, ਡਾ. ਮਹਿੰਦਰ ਸਿੰਘ, ਮੈਨੇਜਰ ਮੋਹਿੰਦਰ ਕੁਮਾਰ ਬਜਾਜ, ਅਮਿਤ ਸੇਠੀ, ਰਾਕੇਸ਼ ਭੱਲਾ, ਕਰਨ, ਗੌਰਵ ਚੰਦਨ ਪੰਡਿਤ, ਰਜਨੀਸ਼ ਅਤੇ ਅਰੁਣ ਉੱਪਲ ਸਮੇਤ ਹੋਰ ਮੈਂਬਰ ਹਾਜ਼ਰ ਰਹੇ। ਕਮੇਟੀ ਮੈਂਬਰਾਂ ਨੇ ਧਾਰਮਿਕ ਸਮਾਗਮ ਦੀਆਂ ਵਿਵਸਥਾਵਾਂ ਨੂੰ ਸੁਚਾਰੂ ਢੰਗ ਨਾਲ ਸੰਭਾਲਿਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਿਤ ਸਮਾਗਮ ਖਰੜ ਵਿਖੇ ਕਰਵਾਇਆ

(ਸ਼ਸ਼ੀ ਪਾਲ ਜੈਨ) ਖਰੜ, 20 ਸਤੰਬਰ: ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਿਤ ਸਮਾਗਮ ਗੁਰਦਵਾਰਾ ਗੁਰੂ ਤੇਗ ਬਹਾਦਰ ਸਾਹਿਬ ਜੀ ਖਰੜ ਵਿਖੇ ਗੁਰਦਵਾਰਾ ਪ੍ਰਬੰਧਕ ਕਮੇਟੀ ਵੱਲੋਂ ਬਹੁਤ ਹੀ ਸਰਧਾਂ ਭਾਵਨਾ ਤੇ ਸੰਗਤਾਂ ਦੇ ਸਹਿਯੋਗ ਕਰਵਾਇਆ ਗਿਆ ਇਸੇ ਸਬੰਧ ਵਿਚ 26ਜੂਨ ਤੋ ਸੰਗਤੀ ਰੂਪ ਵਿਚ ਆਰੰਭ ਹੋਏ ਸ੍ਰੀ ਸਹਿਜ ਪਾਠ ਜੀ ਦੇ ਭੋਗ ਅੱਜ 20.9.2026 ਨੂੰ ਸੰਗਤੀ ਰੂਪ ਵਿਚ ਪਾਏ, ਉਪਰੰਤ ਗੁਰਮਿਤ ਸਮਾਗਮ ਵਿਚ ਭਾਈ ਗੁਰਸੇਵਕ ਸਿੰਘ ਦੇ ਕੀਰਤਨੀ ਜੱਥੇ ਵੱਲੋ ਕੀਰਤਨ ਦੀ ਹਾਜ਼ਰੀ ਲਗਾਈ ਗਈ ਤੇ ਭਾਈ ਗੁਰਵਿੰਦਰ ਸਿੰਘ ਜੀ ਹੈਡ ਗ੍ਰੰਥੀ ਵਲੋ ਪਹਿਲੇ ਪ੍ਰਕਾਸ਼ ਪੁਰਬ ਸਬੰਧੀ ਕਥਾ ਵਿਚਾਰਾਂ ਕੀਤੀਆਂ ਗਈਆਂ ਤੇ ਅੰਤ ਵਿਚ ਭਾਈ ਇੰਦਰਜੀਤ ਸਿੰਘ ਜੀ ਹਜੂਰੀ ਰਾਗੀ ਜੱਥਾ ਗੁਰਦਵਾਰਾ ਸਿੰਘ ਸ਼ਹੀਦਾਂ ਸੋਹਾਣਾ ਮੋਹਾਲੀ ਵਲੋ ਆਪਣੇ ਰਸਭਿਨੇ ਕੀਰਤਨ ਦੁਵਾਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਇਸ ਸਮਾਗਮ ਵਿਚ ਕਮੇਟੀ ਮੈਂਬਰ ਭਾਈ ਸੁਰਮੁਖ ਸਿੰਘ ਮੁੱਖ ਸੇਵਾਦਾਰ ਭਾਈ ਜਸਬੀਰ ਸਿੰਘ ਜਨਰਲ ਸਕੱਤਰ ਹਰਭਜਨ ਸਿੰਘ ਅਵਤਾਰ ਸਿੰਘ ਸੈਪਲਾ ਸੀਤਲ ਸਿੰਘ ਸਤਪਾਲ ਸਿੰਘ ਸਵਰਨ ਸਿੰਘ ਜੰਡਪੁਰੀ ਮਲਕੀਅਤ ਸਿੰਘ ਜਸਵੰਤ ਸਿੰਘ ਪਿਆਰਾ ਸਿੰਘ ਬਲਦੇਵ ਸਿੰਘ ਸੁਰਜੀਤ ਸਿੰਘ ਮਨਦੀਪ ਸਿੰਘ ਤੋ ਇਲਾਵਾ ਜਥੇਦਾਰ ਜਰਨੈਲ ਸਿੰਘ ਭਾਈ ਕਰਮਜੀਤ ਸਿੰਘ ਖਾਲਸਾ ਭਾਈ ਹਰਜੀਤ ਸਿੰਘ ਆਦਿ ਹਾਜਰ ਸਨ

'ਮਾਨ ਦੇ ਮੁਨਾਫੇ' ਮੁਹਿੰਮ ਅੱਜ ਤੋਂ, ਬੂਥ ਕਮੇਟੀ ਮੈਂਬਰ ਘਰ-ਘਰ ਪਹੁੰਚਾਉਣਗੇ ਸਰਕਾਰ ਦੇ ਕੰਮਾਂ ਦੀ ਜਾਣਕਾਰੀ: ਪੁਆਧੀ

ਡੇਰਾਬੱਸੀ, 20 ਸਤੰਬਰ (ਸੁਖਵਿੰਦਰ ਸੈਣੀ): ਪੰਜਾਬ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਕੀਤੇ ਕੰਮਾਂ ਅਤੇ ਲੋਕ-ਹਿਤੈਸ਼ੀ ਉਪਰਾਲਿਆਂ ਨੂੰ ਘਰ-ਘਰ ਪਹੁੰਚਾਉਣ ਲਈ 'ਮਾਨ ਦੇ ਮੁਨਾਫੇ' ਮੁਹਿੰਮ ਦੀ ਸ਼ੁਰੂਆਤ ਅੱਜ 20 ਸਤੰਬਰ ਤੋਂ ਕੀਤੀ ਜਾ ਰਹੀ ਹੈ। ਮੁਹਿੰਮ ਤਹਿਤ 2.68 ਲੱਖ ਤੋਂ ਵੱਧ ਬੂਥ ਕਮੇਟੀ ਮੈਂਬਰ ਸੂਬੇ ਭਰ ਵਿੱਚ ਘਰ-ਘਰ ਪਹੁੰਚ ਕੇ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ ਅਤੇ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਤੇ ਕੀਤੇ ਗਏ ਕੰਮਾਂ ਬਾਰੇ ਜਾਣਕਾਰੀ ਸਾਂਝੀ ਕਰਨਗੇ। ਇਸ ਸਬੰਧੀ ਗੁਰਸੇਵਕ ਸਿੰਘ ਪੁਆਧੀ ਕਾਰਕੋਰ, ਸੰਗਠਨ ਇੰਚਾਰਜ ਹਲਕਾ ਡੇਰਾਬੱਸੀ ਅਤੇ ਚੇਅਰਮੈਨ ਮਾਰਕੀਟ ਕਮੇਟੀ ਲਾਲਰੂ ਨੇ ਕਿਹਾ ਕਿ 'ਮਾਨ ਦੇ ਮੁਨਾਫੇ' ਮੁਹਿੰਮ ਦਾ ਮੁੱਖ ਉਦੇਸ਼ ਸਰਕਾਰ ਵੱਲੋਂ ਕੀਤੇ ਵਿਕਾਸ ਕਾਰਜਾਂ ਅਤੇ ਲੋਕ-ਭਲਾਈ ਸਕੀਮਾਂ ਦੀ ਜਾਣਕਾਰੀ ਹਰ ਘਰ ਤੱਕ ਪਹੁੰਚਾਉਣਾ ਅਤੇ ਲੋਕਾਂ ਨਾਲ ਸਿੱਧਾ ਸੰਵਾਦ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ

ਕਿਹਾ ਕਿ ਬੂਥ ਪੱਧਰ 'ਤੇ ਮਜ਼ਬੂਤ ਸੰਗਠਨ ਲੋਕਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਦਾ ਮਹੱਤਵਪੂਰਨ ਸਾਧਨ ਹੈ। ਮੁਹਿੰਮ ਦੌਰਾਨ ਬੂਥ ਕਮੇਟੀ ਮੈਂਬਰ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਵੀ ਸੁਣਨਗੇ। ਗੁਰਸੇਵਕ ਸਿੰਘ ਪੁਆਧੀ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਮੁਹਿੰਮ ਤਹਿਤ ਘਰ-ਘਰ ਪਹੁੰਚਣ ਵਾਲੇ ਬੂਥ ਕਮੇਟੀ ਮੈਂਬਰਾਂ ਨਾਲ ਸਹਿਯੋਗ ਕਰਨ

ਮਹਿਲਾ ਭਲਾਈ ਸੰਸਥਾ ਨਿਊ - ਚੰਡੀਗੜ੍ਹ'ਵੱਲੋਂ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ

ਨਿਊ - ਚੰਡੀਗੜ੍ਹ', 20 ਸਤੰਬਰ (ਜੇ.ਕੇ ਬੱਤਾ): ਮਹਿਲਾ ਭਲਾਈ ਸੰਸਥਾ ਨਿਊ - ਚੰਡੀਗੜ੍ਹ' ਵੱਲੋਂ ਸੰਸਥਾ ਦੇ ਪ੍ਰਚਾਰ ਪ੍ਰਸਾਰ ਲਈ ਹਲਕਾ ਖਰੜ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਇਸ ਸਬੰਧੀ ਗੱਲਬਾਤ ਕਰਦਿਆਂ ਮਹਿਲਾ ਭਲਾਈ ਸੰਸਥਾ ਦੇ ਮੀਡੀਆ ਇੰਚਾਰਜ ਸ੍ਰੀ ਰੂਪ ਚੰਦ ਸਿਸ਼ੋਦੀਆ ਵੱਲੋਂ ਦੱਸਿਆ ਗਿਆ ਕਿ ਮਹਿਲਾ ਭਲਾਈ ਸੰਸਥਾ 1860 ਐਕਟ ਪੰਜਾਬ ਭਾਰਤ ਕੌਮੀ ਪ੍ਰਧਾਨ ਪ੍ਰੀਤੀ ਢਿੱਲੋਂ ਸਤਵਿੰਦਰ ਸਿੰਘ ਗਿੱਲ ਨੈਸ਼ਨਲ ਚੇਅਰਮੈਨ ਬਰਨਾਲਾ,ਮਹਿਲਾ ਵਿੰਗ ਚੇਅਰ ਪਰਸਨ ਪੰਜਾਬ ਰਣਧੀਰ ਕੌਰ ਬੇਲਾ ਦੇ ਆਦੇਸ਼ਾਂ ਅਨੁਸਾਰ ਇੱਕ ਵਿਸ਼ੇਸ਼ ਮੀਟਿੰਗ ਖਰੜ ਵਿਖੇ ਜ਼ਿਲਾ ਚੇਅਰਪਰਸਨ ਚਰਨਜੀਤ ਕੌਰ ਮੋਹਾਲੀ ਦੀ ਅਗਵਾਈ ਕੀਤੀ ਗਈ । ਇਸ ਮੀਟਿੰਗ ਵਿੱਚ ਨਵੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ ਜਿਨ੍ਹਾਂ ਵਿੱਚ ਗਮਿੰਦਰ ਕੌਰ ਨੂੰ ਜਿਲਾ ਵਾਈਸ ਪ੍ਰਧਾਨ ਮੋਹਾਲੀ ਨਿਯੁਕਤ ਕੀਤਾ ਗਿਆ ਹੈ।ਇਸ ਤੋਂ ਇਲਾਵਾ ਬਲਵੀਰ ਕੌਰ ਜਿਲਾ ਮਹਿਲਾ ਵਿੰਗ ਪ੍ਰਧਾਨ ਮੋਹਾਲੀ ,ਪੱਲਵੀ ਜਿਲਾ ਮਹਿਲਾ ਵਿੰਗ ਚੇਅਰ ਪਰਸਨ ਮੋਹਾਲੀ ,ਜਸਬੀਰ ਸਿੰਘ ਜਿਲਾ ਚੇਅਰਮੈਨ ਮੋਹਾਲੀ , ਜਤਿੰਦਰ ਸਿੰਘ ਜਿਲਾ ਯੂਥ ਪ੍ਰੈਜੀਡੈਂਟ ਮੋਹਾਲੀ ,ਸੰਜੇ ਕੁਮਾਰ ਯੂਥ ਪ੍ਰਧਾਨ ਚੰਡੀਗੜ੍ਹ ਨੂੰ ਸੰਸਥਾ ਵੱਲੋਂ ਨਵੀਆਂ ਨਿਯੁਕਤੀਆਂ ਦੇ ਕੇ ਜ਼ਿਮੇਵਾਰੀ ਸੌਪੀ ਗਈ ਹੈ। ਇਸ ਮੌਕੇ ਕੌਮੀ ਪ੍ਰਧਾਨ ਪ੍ਰੀਤੀ ਢਿੱਲੋਂ ਅਤੇ ਮਹਿਲਾ ਵਿੰਗ ਚੇਅਰ ਪਰਸਨ ਪੰਜਾਬ ਰਣਧੀਰ ਕੌਰ ਬੇਲਾ ਵੱਲੋਂ ਨਵ ਨਿਯੁਕਤ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਸੌਪੇ ਗਏ ।ਅਹੁਦੇਦਾਰਾਂ ਨੂੰ ਉਹਨਾਂ ਦੀਆਂ ਜਿੰਮੇਦਾਰੀਆਂ ਬਾਰੇ ਸੁਝਾਵ ਦਿੱਤੇ ਗਏ ।ਪੰਜਾਬ ਸਕੱਤਰ ਗੀਨਾ ਢਿੱਲੋ ਨੇ ਦੱਸਿਆ ਹੈ ਕਿ ਨਸ਼ਿਆਂ ਵਿਰੁੱਧ ਅਤੇ ਘਰੇਲੂ ਮਸਲੇ ਅਤੇ ਭਰੂਣ ਹੱਤਿਆ ਬਲਾਤਕਾਰ ਵਰਗੇ ਸੰਗੀਨ ਮਾਮਲਿਆਂ ਦੀਆਂ ਸਮੱਸਿਆਵਾਂ ਵੱਧ ਰਹੀਆਂ ਹਨ ਇਹਨਾਂ ਦੀ ਰੋਕਥਾਮ ਬਾਰੇ ਚਰਚਾ ਕੀਤੀ ।ਇਸ ਮੌਕੇ ਨਵ ਨਿਯੁਕਤ ਅਹੁਦੇਦਾਰਾਂ ਵੱਲੋਂ ਮਹਿਲਾਵਾਂ ਦੇ ਮਸਲਿਆਂ ਨੂੰ ਹੱਲ ਕਰਨ ਅਤੇ ਸੰਸਥਾ ਦੇ ਪ੍ਰਚਾਰ ਪ੍ਰਸਾਰ ਲਈ ਵਚਨਬੱਧਤਾ ਦਾ ਭਰੋਸਾ ਦਿੱਤਾ। ਮੀਟਿੰਗ ਦੇ ਵਿੱਚ ਜਸਵਿੰਦਰ ਕੌਰ ਖਜ਼ਾਨਚੀ ਪੰਜਾਬ, ਅਰਵਿੰਦਰ ਸਿੰਘ ਜਿਲਾ ਵਾਈਸ ਪ੍ਰੈਸੀਡੈਂਟ ਮੋਹਾਲੀ, ਰਜਨੀ ਸਿੰਘ ਜਿਲਾ ਐਜੂਕੇਸ਼ਨ ਪ੍ਰਧਾਨ ਮੋਹਾਲੀ, ਰੂਪ ਚੰਦ ਜ਼ਿਲ੍ਹਾ ਮੀਡੀਆ ਇੰਚਾਰਜ ਮੋਹਾਲੀ, ਗੁਰਜੀਤ ਸਿੰਘ ਯੂਥ ਪ੍ਰੈਜੀਡੈਂਟ ਪੰਜਾਬ, ਐਜੂਕੇਸ਼ਨ ਪ੍ਰਧਾਨ ਚੰਡੀਗੜ੍ਹ ਮੈਡਮ ਪੂਜਾ ਵੀ ਹਾਜ਼ਰ ਸਨ।

ਰਾਧਾ ਅਸ਼ਟਮੀ 'ਤੇ ਭਜਨ-ਕੀਰਤਨ ਨਾਲ ਗੂੰਜਿਆ ਬਸੀ ਪਠਾਣਾਂ ਦਾ ਪ੍ਰਾਚੀਨ ਸ਼ਿਵ ਮੰਦਰ

ਫ਼ਤਹਿਗੜ੍ਹ ਸਾਹਿਬ, 20 ਸਤੰਬਰ (ਅਭਿਸ਼ੇਕ ਮਲਹੋਤਰਾ): ਬਸੀ ਪਠਾਣਾਂ ਸ਼ਹਿਰ ਦੇ ਪ੍ਰਾਚੀਨ ਸ਼ਿਵ ਮੰਦਰ ਨੇੜੇ ਡਾਕਖਾਨਾ ਵਿਖੇ ਮੰਗਲਵਾਰ ਨੂੰ ਹੋਣ ਵਾਲਾ ਮਹਿਲਾ ਭਜਨ-ਕੀਰਤਨ ਰਾਧਾ ਅਸ਼ਟਮੀ ਦੇ ਪਾਵਨ ਮੌਕੇ 'ਤੇ ਵਿਸ਼ੇਸ਼ ਧਾਰਮਿਕ ਰੰਗ ਵਿੱਚ ਰੰਗਿਆ ਨਜ਼ਰ ਆਇਆ। ਮਹਿਲਾ ਭਜਨ ਮੰਡਲੀ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਸੁੰਦਰ ਕੀਰਤਨ ਕਰਦਿਆਂ ਰਾਧਾ ਰਾਣੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਦੌਰਾਨ ਭਜਨਾਂ ਦੀਆਂ ਧੁਨਾਂ ਨਾਲ ਸਮੁੱਚਾ ਮਾਹੌਲ ਭਗਤੀਮਈ ਹੋ ਗਿਆ। ਜ਼ਿਕਰਯੋਗ ਹੈ ਕਿ ਮਹਿਲਾ ਭਜਨ ਮੰਡਲੀ ਵੱਲੋਂ ਇੱਥੇ ਹਰ ਮੰਗਲਵਾਰ ਨਿਯਮਿਤ ਤ

ਸੰਪਾਦਕੀ

ਰੋਜ਼ਗਾਰ ਨੂੰ ਚੁਣੌਤੀ

ਪ੍ਰਧਾਨ ਮੰਤਰੀ ਨੇ ਵੀਹਵੇਂ ਰੁਜ਼ਗਾਰ ਮੇਲੇ 'ਚ ਇਕਵੰਜਾ ਹਜ਼ਾਰ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡਦਿਆਂ ਇਹ ਵਚਨਬੱਧਤਾ ਪ੍ਰਗਟਾਈ ਕਿ ਉਨ੍ਹਾਂ ਦੀ ਸਰਕਾਰ ਰੁਜ਼ਗਾਰ ਵਧਾਉਣ ਲਈ ਹਰ ਮੋਰਚੇ 'ਤੇ ਕੰਮ ਕਰ ਰਹੀ ਹੈ। ਇਹ ਸਹੀ ਹੈ ਕਿ ਮੋਦੀ ਸਰਕਾਰ ਨੇ 2022 'ਚ ਪਹਿਲੇ ਰੁਜ਼ਗਾਰ ਮੇਲੇ ਦੀ ਸ਼ੁਰੂਆਤ ਕਰਦਿਆਂ 2023 ਦੇ ਅੰਤ ਤੱਕ ਦਸ ਲੱਖ ਸਰਕਾਰੀ ਨੌਕਰੀਆਂ ਦੇਣ ਦਾ ਟੀਚਾ ਮਿੱਥਿਆ ਸੀ ਅਤੇ ਹੁਣ ਤੱਕ 12.75 ਲੱਖ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦਿੱਤੇ ਜਾ ਚੁੱਕੇ ਹਨ। ਇਹ ਸੁਭਾਵਿਕ ਹੈ ਕਿ ਇਹ ਸਿਲਸਿਲਾ ਜਾਰੀ ਰਹੇਗਾ ਪਰ ਸੱਚਾਈ ਇਹ ਵੀ ਹੈ ਕਿ ਸਾਰੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣਾ ਸੰਭਵ ਨਹੀਂ ਹੈ। ਅਸਲ 'ਚ ਕੋਈ ਵੀ ਸਰਕਾਰ ਹੋਵੇ, ਉਹ ਨੌਕਰੀ ਦੇ ਚਾਹਵਾਨ ਸਾਰੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣਾ ਚਾਹੇ ਵੀ ਤਾਂ ਨਹੀਂ ਦੇ ਸਕਦੀ। ਅਜਿਹੇ ਹਾਲਾਤ 'ਚ ਇਹ ਜ਼ਰੂਰੀ ਹੀ ਨਹੀਂ, ਸਗੋਂ ਲਾਜ਼ਮੀ ਹੈ ਕਿ ਅਜਿਹੀਆਂ ਸਥਿਤੀਆਂ ਪੈਦਾ ਕੀਤੀਆਂ ਜਾਣ, ਜਿਨ੍ਹਾਂ ਨਾਲ ਨਿੱਜੀ ਖੇਤਰ 'ਚ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪੈਦਾ ਹੋ ਸਕਣ। ਕਿਉਂਕਿ ਨਵੀਂ ਤਕਨਾਲੋਜੀ ਦੇ ਆਉਣ ਅਤੇ ਖ਼ਾਸ ਤੌਰ 'ਤੇ ਏਆਈ ਕਾਰਨ ਨੌਕਰੀਆਂ ਦੀ ਪ੍ਰਕਿਰਤੀ ਬਦਲ ਰਹੀ ਹੈ, ਇਸ ਲਈ ਨਿੱਜੀ ਖੇਤਰ 'ਚ ਵੀ ਰੁਜ਼ਗਾਰ ਦੇ ਲੋੜੀਂਦੇ ਮੌਕੇ ਪੈਦਾ ਕਰਨਾ ਇਕ ਚੁਣੌਤੀ ਬਣ ਗਿਆ ਹੈ। ਆਉਣ ਵਾਲੇ ਸਮੇਂ 'ਚ ਇਹ ਚੁਣੌਤੀ ਹੋਰ ਵਧ ਸਕਦੀ ਹੈ। ਇਹ ਸਹੀ ਹੈ ਕਿ ਏਆਈ ਕਾਰਨ ਨੌਕਰੀਆਂ ਦੇ ਜਿਹੜੇ ਰਵਾਇਤੀ ਮੌਕੇ ਖ਼ਤਮ ਹੋਣਗੇ, ਉਨ੍ਹਾਂ ਦੀ ਥਾਂ ਨਵੇਂ ਮੌਕੇ ਪੈਦਾ ਹੋਣਗੇ ਪਰ ਇਨ੍ਹਾਂ ਨਵੇਂ ਮੌਕਿਆਂ ਦਾ ਲਾਭ ਉਠਾਉਣ ਲਈ ਸਿੱਖਿਆ ਪ੍ਰਣਾਲੀ 'ਚ ਹੇਠਲੇ ਪੱਧਰ 'ਤੇ ਵੀ ਤਬਦੀਲੀ ਕਰਨ ਦੀ ਜਿਹੜੀ ਲੋੜ ਹੈ, ਉਸ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਣਾ ਚਾਹੀਦਾ ਹੈ। ਇਹ ਠੀਕ ਨਹੀਂ ਕਿ ਇਸ ਸਮੇਂ ਵੱਡੀ ਗਿਣਤੀ 'ਚ ਵਿਦਿਆਰਥੀ ਉੱਚ ਸਿੱਖਿਆ ਸੰਸਥਾਵਾਂ ਤੋਂ ਅਜਿਹੀਆਂ ਡਿਗਰੀਆਂ ਲੈ ਕੇ ਨਿਕਲ ਰਹੇ ਹਨ, ਜਿਨ੍ਹਾਂ ਦੀ ਉਪਯੋਗਤਾ ਲਗਾਤਾਰ ਘਟਦੀ ਜਾ ਰਹੀ ਹੈ। ਆਉਣ ਵਾਲੇ ਸਮੇਂ 'ਚ ਆਮ ਡਿਗਰੀਧਾਰੀ ਵਿਦਿਆਰਥੀਆਂ ਲਈ ਰੋਜ਼ਗਾਰ ਦੇ ਮੌਕੇ ਹੋਰ ਵੀ ਘੱਟ ਹੋ ਸਕਦੇ ਹਨ। ਇਸ ਨੂੰ ਦੇਖਦਿਆਂ ਸਰਕਾਰ ਨੂੰ ਸਿੱਖਿਆ ਪ੍ਰਣਾਲੀ 'ਚ ਵਿਆਪਕ ਤਬਦੀਲੀ ਲਈ ਤੇਜ਼ੀ ਨਾਲ ਕਦਮ ਚੁੱਕਣੇ ਪੈਣਗੇ। ਇਹ ਇਸ ਲਈ ਵੀ ਜ਼ਰੂਰੀ ਹੈ ਕਿਉਂਕਿ ਹਾਲ ਹੀ 'ਚ ਨੀਤੀ ਆਯੋਗ ਦੀ ਇਕ ਰਿਪੋਰਟ 'ਚ ਕਿਹਾ ਗਿਆ ਹੈ ਕਿ ਅੱਠ ਕਰੋੜ ਤੋਂ ਵੱਧ ਨੌਜਵਾਨ ਅਜਿਹੇ ਹਨ, ਜੋ ਨਾ ਤਾਂ ਪੜ੍ਹਾਈ ਕਰ ਰਹੇ ਹਨ, ਨਾ ਕੋਈ ਕੰਮ ਕਰ ਰਹੇ ਹਨ ਅਤੇ ਨਾ ਹੀ ਕਿਸੇ ਤਰ੍ਹਾਂ ਦੀ ਸਿਖਲਾਈ ਲੈ ਰਹੇ ਹਨ। ਨੀਤੀ ਆਯੋਗ ਦੀ ਰਿਪੋਰਟ ਇਹ ਵੀ ਕਹਿੰਦੀ ਹੈ ਕਿ ਕੇਵਲ 8.25 ਫ਼ੀਸਦੀ ਗ੍ਰੈਜੂਏਟ ਹੀ ਅਜਿਹੇ ਕੰਮ 'ਚ ਲੱਗੇ ਹੋਏ ਹਨ, ਜੋ ਉਨ੍ਹਾਂ ਦੀ ਵਿਦਿਅਕ ਯੋਗਤਾ ਦੇ ਅਨੁਕੂਲ ਹੈ। ਇਹ ਚੰਗੀ ਗੱਲ ਹੈ ਕਿ ਪ੍ਰਧਾਨ ਮੰਤਰੀ ਨੇ ਵਧ ਰਹੇ ਸਟਾਰਟਅਪ ਅਤੇ ਹੁਨਰ ਵਿਕਾਸ ਪ੍ਰੋਗਰਮਾਂ ਦੀ ਚਰਚਾ ਕੀਤੀ ਪਰ ਨੀਤੀ ਆਯੋਗ ਦੇ ਇਸ ਅੰਦਾਜ਼ੇ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ ਕਿ ਕਿੱਤਾਮੁਖੀ ਸਿੱਖਿਆ ਅਤੇ ਉਦਯੋਗਾਂ ਦੀਆਂ ਲੋੜਾਂ ਅਨੁਸਾਰ ਸਿਖਲਾਈ ਦੀ ਘਾਟ ਕਾਰਨ ਨੌਜਵਾਨਾਂ ਦੀ ਰੁਜ਼ਗਾਰ ਯੋਗਤਾ ਪ੍ਰਭਾਵਿਤ ਹੋ ਰਹੀ ਹੈ। ਇਸ ਨੂੰ ਦੇਖਦਿਆਂ ਨੀਤੀ ਆਯੋਗ ਦੇ ਸੁਝਾਅ ਅਨੁਸਾਰ ਰੁਜ਼ਗਾਰ ਯੋਗਤਾ ਵਧਾਉਣ ਲਈ ਛੇਵੀਂ ਜਮਾਤ ਤੋਂ ਹੀ ਵਿਦਿਆਰਥੀਆਂ ਦੀ ਰੁਚੀ ਅਤੇ ਹੁਨਰ ਵਿਕਾਸ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ।

ਇੱਕ ਮਹਾਨ ਪ੍ਰਿੰਸੀਪਲ ਆਪਣੇ ਆਚਰਨ ਰਾਹੀਂ ਅਗਵਾਈ ਕਰਦਾ ਹੈ

ਸਕੂਲ ਸਿਰਫ਼ ਕਲਾਸਰੂਮਾਂ, ਪਾਠ-ਪੁਸਤਕਾਂ, ਪ੍ਰੀਖਿਆਵਾਂ ਅਤੇ ਸਮਾਂ-ਸਾਰਣੀਆਂ ਨਾਲ ਬਣੀ ਇੱਕ ਇਮਾਰਤ ਨਹੀਂ ਹੁੰਦਾ। ਇਹ ਇੱਕ ਜੀਵੰਤ ਸੰਸਥਾ ਹੈ, ਜਿੱਥੇ ਨੌਜਵਾਨ ਮਨਾਂ ਦਾ ਨਿਰਮਾਣ ਹੁੰਦਾ ਹੈ, ਕਦਰਾਂ-ਕੀਮਤਾਂ ਵਿਕਸਿਤ ਹੁੰਦੀਆਂ ਹਨ, ਰਿਸ਼ਤੇ ਬਣਦੇ ਹਨ ਅਤੇ ਸੁਪਨਿਆਂ ਨੂੰ ਦਿਸ਼ਾ ਮਿਲਦੀ ਹੈ। ਇਸ ਵਿਦਿਅਕ ਸੰਸਥਾ ਦੇ ਕੇਂਦਰ ਵਿੱਚ ਪ੍ਰਿੰਸੀਪਲ ਖੜ੍ਹਾ ਹੁੰਦਾ ਹੈ—ਸਿਰਫ਼ ਪ੍ਰਸ਼ਾਸਕ ਵਜੋਂ ਨਹੀਂ, ਸਗੋਂ ਇੱਕ ਆਗੂ, ਮਾਰਗਦਰਸ਼ਕ, ਆਦਰਸ਼ ਅਤੇ ਸਕੂਲੀ ਸੱਭਿਆਚਾਰ ਦੇ ਰਖਵਾਲੇ ਵਜੋਂ। ਪ੍ਰਿੰਸੀਪਲ ਹਦਾਇਤਾਂ ਜਾਰੀ ਕਰ ਸਕਦਾ ਹੈ, ਨਿਯਮ ਬਣਾ ਸਕਦਾ ਹੈ ਅਤੇ ਜ਼ਿੰਮੇਵਾਰੀਆਂ ਵੰਡ ਸਕਦਾ ਹੈ, ਪਰ ਸਭ ਤੋਂ ਡੂੰਘਾ ਪ੍ਰਭਾਵ ਇੱਕ ਹੋਰ ਤਾਕਤਵਰ ਚੀਜ਼ ਤੋਂ ਪੈਦਾ ਹੁੰਦਾ ਹੈ—ਨਿੱਜੀ ਉਦਾਹਰਨ। ਅਧਿਆਪਕ ਅਤੇ ਵਿਦਿਆਰਥੀ ਪ੍ਰਿੰਸੀਪਲ ਦੀਆਂ ਗੱਲਾਂ ਸੁਣਦੇ ਹਨ, ਪਰ ਉਹ ਇਸ ਗੱਲ ਨੂੰ ਵੀ ਬਹੁਤ ਧਿਆਨ ਨਾਲ ਦੇਖਦੇ ਹਨ ਕਿ ਪ੍ਰਿੰਸੀਪਲ ਖੁਦ ਕੀ ਕਰਦਾ ਹੈ। ਅਗਵਾਈ ਉਦੋਂ ਹੀ ਅਰਥਪੂਰਨ ਬਣਦੀ ਹੈ ਜਦੋਂ ਆਗੂ ਦੇ ਸ਼ਬਦ ਅਤੇ ਕਰਮ ਇੱਕੋ ਭਾਸ਼ਾ ਬੋਲਣ। ਇਸ ਲਈ ਇੱਕ ਮਹਾਨ ਪ੍ਰਿੰਸੀਪਲ ਸਿਰਫ਼ ਦੂਜਿਆਂ ਨੂੰ ਇਹ ਨਹੀਂ ਦੱਸਦਾ ਕਿ ਕਿਵੇਂ ਵਿਵਹਾਰ ਕਰਨਾ ਹੈ; ਉਹ ਖੁਦ ਉਹੀ ਵਿਵਹਾਰ ਕਰਕੇ ਦਿਖਾਉਂਦਾ ਹੈ ਜਿਸ ਦੀ ਉਮੀਦ ਉਹ ਦੂਜਿਆਂ ਤੋਂ ਕਰਦਾ ਹੈ।

ਅਗਵਾਈ ਦੀ ਸ਼ੁਰੂਆਤ ਆਪਣੇ ਆਪ ਤੋਂ

ਪ੍ਰਿੰਸੀਪਲ ਦੀ ਪਹਿਲੀ ਜ਼ਿੰਮੇਵਾਰੀ ਦੂਜਿਆਂ ਨੂੰ ਨਿਯੰਤਰਿਤ ਕਰਨਾ ਨਹੀਂ, ਸਗੋਂ ਆਪਣੇ ਆਪ ਦੀ ਅਗਵਾਈ ਕਰਨਾ ਹੈ। ਆਤਮ-ਅਨੁਸ਼ਾਸਨ, ਸਮੇਂ ਦੀ ਪਾਬੰਦੀ, ਇਮਾਨਦਾਰੀ, ਧੀਰਜ, ਭਾਵਨਾਤਮਕ ਸੰਤੁਲਨ ਅਤੇ ਲਗਾਤਾਰ ਸਿੱਖਣ ਦੀ ਭਾਵਨਾ ਪ੍ਰਭਾਵਸ਼ਾਲੀ ਅਗਵਾਈ ਦੀ ਨੀਂਹ ਹਨ। ਜੇ ਪ੍ਰਿੰਸੀਪਲ ਅਧਿਆਪਕਾਂ ਤੋਂ ਸਮੇਂ ਸਿਰ ਸਕੂਲ ਪਹੁੰਚਣ ਦੀ ਉਮੀਦ ਕਰਦਾ ਹੈ ਤਾਂ ਉਸ ਨੂੰ ਖੁਦ ਵੀ ਸਮੇਂ ਦੀ ਕਦਰ ਕਰਨੀ ਚਾਹੀਦੀ ਹੈ। ਜੇ ਅਧਿਆਪਕਾਂ ਤੋਂ ਪਾਠਾਂ ਦੀ ਤਿਆਰੀ ਵਿੱਚ ਗੰਭੀਰਤਾ ਦੀ ਉਮੀਦ ਹੈ ਤਾਂ ਪ੍ਰਿੰਸੀਪਲ ਨੂੰ ਵੀ ਆਪਣੇ ਪ੍ਰਸ਼ਾਸਕੀ ਕੰਮਾਂ ਪ੍ਰਤੀ ਉਹੀ ਗੰਭੀਰਤਾ ਦਿਖਾਉਣੀ ਚਾਹੀਦੀ ਹੈ। ਜੇ ਵਿਦਿਆਰਥੀਆਂ ਨੂੰ ਪੜ੍ਹਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ ਤਾਂ ਪ੍ਰਿੰਸੀਪਲ ਖੁਦ ਵੀ ਕਿਤਾਬ ਪੜ੍ਹਦਾ ਦਿਖਾਈ ਦੇਵੇ। ਜੇ ਸਫ਼ਾਈ ਨੂੰ ਮਹੱਤਵ ਦਿੱਤਾ ਜਾਂਦਾ ਹੈ ਤਾਂ ਪ੍ਰਿੰਸੀਪਲ ਨੂੰ ਵੀ ਸਕੂਲੀ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦਿਖਾਉਣੀ ਚਾਹੀਦੀ ਹੈ।

ਅਜਿਹੇ ਕੰਮ ਬਿਨਾਂ ਕਿਸੇ ਭਾਸ਼ਣ ਦੇ ਬਹੁਤ ਪ੍ਰਭਾਵਸ਼ਾਲੀ ਸੰਦੇਸ਼ ਦਿੰਦੇ ਹਨ।

ਆਪਣੇ ਆਚਰਨ ਰਾਹੀਂ ਕੀਤੀ ਅਗਵਾਈ ਭਰੋਸੇਯੋਗਤਾ ਪੈਦਾ ਕਰਦੀ ਹੈ। ਜਦੋਂ ਲੋਕ ਆਗੂ ਦੇ ਸ਼ਬਦਾਂ ਅਤੇ ਕਰਮਾਂ ਵਿੱਚ ਇਕਸਾਰਤਾ ਦੇਖਦੇ ਹਨ ਤਾਂ ਭਰੋਸਾ ਆਪਣੇ ਆਪ ਪੈਦਾ ਹੁੰਦਾ ਹੈ। ਸਮਾਂ ਪ੍ਰਬੰਧਨ ਅਗਵਾਈ ਦਾ ਸਭ ਤੋਂ ਸੌਖਾ ਪਰ ਸਭ ਤੋਂ ਸਪਸ਼ਟ ਰੂਪ ਹੈ। ਜਿਹੜਾ ਪ੍ਰਿੰਸੀਪਲ ਸਮੇਂ ਸਿਰ ਸਕੂਲ ਪਹੁੰਚਦਾ ਹੈ, ਮੀਟਿੰਗਾਂ ਵਿੱਚ ਸਮੇਂ ਦੀ ਪਾਬੰਦੀ ਰੱਖਦਾ ਹੈ ਅਤੇ ਅਧਿਆਪਕਾਂ ਤੇ ਵਿਦਿਆਰਥੀਆਂ ਦੇ ਸਮੇਂ ਦੀ ਕਦਰ ਕਰਦਾ ਹੈ, ਉਹ ਇਹ ਸੰਦੇਸ਼ ਦਿੰਦਾ ਹੈ ਕਿ ਹਰ ਵਿਅਕਤੀ ਦਾ ਸਮਾਂ ਮਹੱਤਵਪੂਰਨ ਹੈ। ਸਮੇਂ ਦੀ ਪਾਬੰਦੀ ਸਿਰਫ਼ ਘੜੀ ਨਾਲ ਜੁੜੀ ਗੱਲ ਨਹੀਂ। ਇਹ ਜ਼ਿੰਮੇਵਾਰੀ, ਅਨੁਸ਼ਾਸਨ ਅਤੇ ਦੂਜਿਆਂ ਪ੍ਰਤੀ ਸਤਿਕਾਰ ਨੂੰ ਦਰਸਾਉਂਦੀ ਹੈ। ਜੇ ਕੋਈ ਪ੍ਰਿੰਸੀਪਲ ਖੁਦ ਅਕਸਰ ਦੇਰ ਨਾਲ ਆਵੇ ਅਤੇ ਦੂਜਿਆਂ ਤੋਂ ਸਮੇਂ ਦੀ ਪਾਬੰਦੀ ਦੀ ਮੰਗ ਕਰੇ ਤਾਂ ਉਸ ਦੀ ਹਦਾਇਤ ਦਾ ਨੈਤਿਕ ਪ੍ਰਭਾਵ ਕਮਜ਼ੋਰ ਹੋ ਜਾਂਦਾ ਹੈ। ਇਸ ਦੇ ਉਲਟ, ਜੋ ਪ੍ਰਿੰਸੀਪਲ ਲਗਾਤਾਰ ਸਮੇਂ ਦੀ ਕਦਰ ਕਰਦਾ ਹੈ, ਉਹ ਚੁੱਪਚਾਪ ਪੂਰੀ ਸੰਸਥਾ ਵਿੱਚ ਸਮੇਂ ਦੀ ਪਾਬੰਦੀ ਦੀ ਸੰਸਕ੍ਰਿਤੀ ਪੈਦਾ ਕਰ ਸਕਦਾ ਹੈ।

ਇਮਾਨਦਾਰੀ ਭਰੋਸਾ ਪੈਦਾ ਕਰਦੀ ਹੈ

ਇੱਕ ਸਕੂਲ ਆਗੂ ਨੂੰ ਹਰ ਰੋਜ਼ ਅਕਾਦਮਿਕ, ਪ੍ਰਸ਼ਾਸਕੀ, ਵਿੱਤੀ ਅਤੇ ਮਨੁੱਖੀ ਪੱਖਾਂ ਨਾਲ ਜੁੜੇ ਕਈ ਫ਼ੈਸਲੇ ਕਰਨੇ ਪੈਂਦੇ ਹਨ। ਅਜਿਹੀਆਂ ਸਥਿਤੀਆਂ ਵਿੱਚ ਅਧਿਕਾਰ ਨਾਲੋਂ ਇਮਾਨਦਾਰੀ ਜ਼ਿਆਦਾ ਮਹੱਤਵਪੂਰਨ ਹੋ ਜਾਂਦੀ ਹੈ। ਇੱਕ ਮਹਾਨ ਪ੍ਰਿੰਸੀਪਲ ਸਾਰਿਆਂ ਨਾਲ ਨਿਆਂਪੂਰਨ ਵਿਵਹਾਰ ਕਰਦਾ ਹੈ, ਪਾਰਦਰਸ਼ੀ ਪ੍ਰਕਿਰਿਆਵਾਂ ਦੀ ਪਾਲਣਾ ਕਰਦਾ ਹੈ ਅਤੇ ਪੱਖਪਾਤ ਤੋਂ ਬਚਦਾ ਹੈ। ਫ਼ੈਸਲੇ ਨਿੱਜੀ ਪਸੰਦ-ਨਾਪਸੰਦ ਦੀ ਬਜਾਏ ਸਿਧਾਂਤਾਂ ਅਤੇ ਸੰਸਥਾ ਦੇ ਹਿੱਤਾਂ 'ਤੇ ਆਧਾਰਿਤ ਹੋਣੇ ਚਾਹੀਦੇ ਹਨ। ਇਮਾਨਦਾਰੀ ਦੀ ਅਸਲ ਪਰਖ ਉਦੋਂ ਹੁੰਦੀ ਹੈ ਜਦੋਂ ਕੋਈ ਦੇਖਣ ਵਾਲਾ ਨਾ ਹੋਵੇ। ਜਦੋਂ ਵਿਦਿਆਰਥੀ ਵੱਡਿਆਂ ਨੂੰ ਆਪਣੇ ਵਾਅਦੇ ਨਿਭਾਉਂਦੇ, ਆਪਣੀ ਜ਼ਿੰਮੇਵਾਰੀ ਸਵੀਕਾਰਦੇ ਅਤੇ ਆਪਣੀਆਂ ਗਲਤੀਆਂ ਮੰਨਦੇ ਦੇਖਦੇ ਹਨ ਤਾਂ ਉਹ ਜੀਵਨ ਦਾ ਇੱਕ ਮਹੱਤਵਪੂਰਨ ਸਬਕ ਸਿੱਖਦੇ ਹਨ। ਜਿਹੜਾ ਪ੍ਰਿੰਸੀਪਲ ਇਹ ਕਹਿਣ ਦੀ ਹਿੰਮਤ ਰੱਖਦਾ ਹੈ—"ਮੇਰੇ ਤੋਂ ਗਲਤੀ ਹੋਈ ਹੈ, ਮੈਂ ਇਸ ਨੂੰ ਠੀਕ ਕਰਾਂਗਾ —ਉਹ ਨਿਮਰਤਾ ਦਾ ਸਬਕ ਕਿਸੇ ਵੀ ਨੈਤਿਕ ਸਿੱਖਿਆ ਦੇ ਭਾਸ਼ਣ ਨਾਲੋਂ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਸਿਖਾਉਂਦਾ ਹੈ।

ਸਤਿਕਾਰ ਨਾਲ ਸਤਿਕਾਰ ਪੈਦਾ ਹੁੰਦਾ ਹੈ

ਅਧਿਕਾਰ ਲੋਕਾਂ ਤੋਂ ਹੁਕਮ ਮਨਵਾ ਸਕਦਾ ਹੈ, ਪਰ ਸਤਿਕਾਰ ਸਹਿਯੋਗ ਪੈਦਾ ਕਰਦਾ ਹੈ। ਇੱਕ ਮਹਾਨ ਪ੍ਰਿੰਸੀਪਲ ਅਧਿਆਪਕਾਂ, ਗੈਰ-ਅਧਿਆਪਕ ਕਰਮਚਾਰੀਆਂ, ਵਿਦਿਆਰਥੀਆਂ, ਮਾਪਿਆਂ ਅਤੇ ਆਉਣ ਵਾਲੇ ਹਰ ਵਿਅਕਤੀ ਦਾ ਸਤਿਕਾਰ ਕਰਦਾ ਹੈ। ਸਤਿਕਾਰ ਦਾ ਅਰਥ ਹਰ ਗੱਲ ਨਾਲ ਸਹਿਮਤ ਹੋਣਾ ਨਹੀਂ, ਸਗੋਂ ਧਿਆਨ ਨਾਲ ਸੁਣਨਾ, ਨਿਮਰਤਾ ਨਾਲ ਗੱਲ ਕਰਨਾ ਅਤੇ ਹਰ ਵਿਅਕਤੀ ਦੀ ਇੱਜ਼ਤ ਨੂੰ ਮੰਨਣਾ ਹੈ। ਇੱਕ ਪ੍ਰਿੰਸੀਪਲ ਆਪਣੇ ਅਧੀਨ ਕੰਮ ਕਰਨ ਵਾਲੇ ਕਰਮਚਾਰੀ ਨਾਲ ਕਿਵੇਂ ਗੱਲ ਕਰਦਾ ਹੈ, ਇਹ ਉਸ ਦੀ ਅਗਵਾਈ ਬਾਰੇ ਕਈ ਵਾਰ ਉੱਚ ਅਧਿਕਾਰੀਆਂ ਨਾਲ ਉਸ ਦੇ ਵਿਵਹਾਰ ਨਾਲੋਂ ਵੀ ਵੱਧ ਦੱਸਦਾ ਹੈ। ਜਦੋਂ ਸੰਸਥਾ ਦਾ ਮੁਖੀ ਸਕੂਲ ਦੇ ਹਰ ਮੈਂਬਰ ਨਾਲ ਸਤਿਕਾਰ ਅਤੇ ਮਰਿਆਦਾ ਨਾਲ ਪੇਸ਼ ਆਉਂਦਾ ਹੈ ਤਾਂ ਆਪਸੀ ਸਤਿਕਾਰ ਦੀ ਸੰਸਕ੍ਰਿਤੀ ਹੌਲੀ-ਹੌਲੀ ਵਿਕਸਿਤ ਹੁੰਦੀ ਹੈ।

ਪ੍ਰਿੰਸੀਪਲ ਖੁਦ ਵੀ ਸਿੱਖਣ ਵਾਲਾ ਹੋਵੇ

ਸਿੱਖਿਆ ਲਗਾਤਾਰ ਬਦਲ ਰਹੀ ਹੈ। ਨਵੀਆਂ ਤਕਨੀਕਾਂ, ਪੜ੍ਹਾਉਣ ਦੇ ਢੰਗ, ਮੁਲਾਂਕਣ ਪ੍ਰਣਾਲੀਆਂ, ਸਮਾਜਿਕ ਚੁਣੌਤੀਆਂ ਅਤੇ ਵਿਗਿਆਨਕ ਖੋਜਾਂ ਅਧਿਆਪਕਾਂ ਅਤੇ ਆਗੂਆਂ ਨੂੰ ਲਗਾਤਾਰ ਸਿੱਖਣ ਲਈ ਪ੍ਰੇਰਿਤ ਕਰਦੀਆਂ ਹਨ। ਜਿਹੜਾ ਪ੍ਰਿੰਸੀਪਲ ਇਹ ਸਮਝੇ ਕਿ ਰਸਮੀ ਸਿੱਖਿਆ ਪੂਰੀ ਹੋਣ ਨਾਲ ਸਿੱਖਣਾ ਵੀ ਖ਼ਤਮ ਹੋ ਗਿਆ, ਉਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਜੀਵਨ ਭਰ ਸਿੱਖਣ ਲਈ ਪ੍ਰੇਰਿਤ ਕਰਨ ਵਿੱਚ ਮੁਸ਼ਕਲ ਮਹਿਸੂਸ ਕਰ ਸਕਦਾ ਹੈ। ਇੱਕ ਮਹਾਨ ਪ੍ਰਿੰਸੀਪਲ ਪੜ੍ਹਦਾ ਹੈ, ਨਵੀਆਂ ਜਾਣਕਾਰੀਆਂ ਹਾਸਲ ਕਰਦਾ ਹੈ, ਪੇਸ਼ੇਵਰ ਵਿਕਾਸ ਦੇ ਕਾਰਜਕ੍ਰਮਾਂ ਵਿੱਚ ਹਿੱਸਾ ਲੈਂਦਾ ਹੈ, ਨਵੇਂ ਵਿਚਾਰਾਂ ਦੀ ਖੋਜ ਕਰਦਾ ਹੈ ਅਤੇ ਬਦਲਦੇ ਸੰਸਾਰ ਪ੍ਰਤੀ ਉਤਸੁਕ ਰਹਿੰਦਾ ਹੈ। ਪ੍ਰਿੰਸੀਪਲ ਲਈ ਹਰ ਗੱਲ ਜਾਣਨਾ ਜ਼ਰੂਰੀ ਨਹੀਂ। ਅਸਲ ਵਿੱਚ, ਅਗਵਾਈ ਦਾ ਇੱਕ ਮਹੱਤਵਪੂਰਨ ਰੂਪ ਇਹ ਕਹਿਣ ਦੀ ਸਮਰੱਥਾ ਹੈ—"ਮੈਨੂੰ ਇਸ ਬਾਰੇ ਪਤਾ ਨਹੀਂ; ਆਓ, ਅਸੀਂ ਇਕੱਠੇ ਸਿੱਖਦੇ ਹਾਂ। ਇਸ ਨਾਲ ਅਜਿਹਾ ਵਾਤਾਵਰਣ ਬਣਦਾ ਹੈ ਜਿੱਥੇ ਸਵਾਲ ਪੁੱਛਣ ਨੂੰ ਡਰ ਦੀ ਬਜਾਏ ਸਿੱਖਣ ਦਾ ਸਾਧਨ ਮੰਨਿਆ ਜਾਂਦਾ ਹੈ।

ਅਧਿਆਪਕਾਂ ਨੂੰ ਸਿਰਫ਼ ਹਦਾਇਤਾਂ ਨਹੀਂ, ਹੌਸਲਾ ਵੀ ਚਾਹੀਦਾ ਹੈ

ਅਧਿਆਪਕ ਸਕੂਲ ਦਾ ਸਭ ਤੋਂ ਮਹੱਤਵਪੂਰਨ ਮਨੁੱਖੀ ਸਰੋਤ ਹਨ। ਉਨ੍ਹਾਂ ਦੀ ਪ੍ਰੇਰਣਾ ਸਿੱਧੇ ਤੌਰ 'ਤੇ ਕਲਾਸਰੂਮ ਦੇ ਮਾਹੌਲ ਅਤੇ ਸਿੱਖਣ 'ਤੇ ਪ੍ਰਭਾਵ ਪਾਉਂਦੀ ਹੈ। ਜਿਹੜਾ ਪ੍ਰਿੰਸੀਪਲ ਸਿਰਫ਼ ਗਲਤੀਆਂ ਵੱਲ ਧਿਆਨ ਦਿੰਦਾ ਹੈ, ਉਹ ਚਿੰਤਾ ਦਾ ਮਾਹੌਲ ਪੈਦਾ ਕਰ ਸਕਦਾ ਹੈ। ਇਸ ਦੇ ਉਲਟ, ਜਿਹੜਾ ਪ੍ਰਿੰਸੀਪਲ ਮਿਹਨਤ ਨੂੰ ਪਛਾਣਦਾ ਅਤੇ ਰਚਨਾਤਮਕ ਮਾਰਗਦਰਸ਼ਨ ਦਿੰਦਾ ਹੈ, ਉਹ ਆਤਮ-ਵਿਸ਼ਵਾਸ ਪੈਦਾ ਕਰਦਾ ਹੈ। ਆਪਣੇ ਆਚਰਨ ਰਾਹੀਂ ਅਗਵਾਈ ਕਰਨ ਦਾ ਅਰਥ ਹੈ ਚੰਗੇ ਕੰਮ ਦੀ ਜਨਤਕ ਤੌਰ 'ਤੇ ਸ਼ਲਾਘਾ ਕਰਨਾ ਅਤੇ ਕਮੀਆਂ ਬਾਰੇ ਨਿੱਜੀ ਤੌਰ 'ਤੇ ਗੱਲ ਕਰਨਾ। ਅਧਿਆਪਕਾਂ ਨੂੰ ਨਵੇਂ ਪ੍ਰਯੋਗ ਕਰਨ, ਨਵੀਨਤਾ ਲਿਆਉਣ ਅਤੇ ਆਪਣੇ ਵਿਚਾਰ ਸਾਂਝੇ ਕਰਨ ਦੇ ਮੌਕੇ ਦੇਣੇ ਵੀ ਇਸ ਦਾ ਹਿੱਸਾ ਹੈ। ਪ੍ਰਿੰਸੀਪਲ ਨੂੰ ਹਰ ਵਿਚਾਰ-ਵਟਾਂਦਰੇ ਵਿੱਚ ਖੁਦ ਨੂੰ ਸਭ ਤੋਂ ਮਹੱਤਵਪੂਰਨ ਵਿਅਕਤੀ ਬਣਾਉਣ ਦੀ ਕੋਸ਼ਿਸ਼ ਨਹੀਂ ਕਰਨੀ ਚਾਹੀਦੀ। ਇਸ ਦੀ ਬਜਾਏ ਅਜਿਹੀਆਂ ਸਥਿਤੀਆਂ ਪੈਦਾ ਕਰਨੀਆਂ ਚਾਹੀਦੀਆਂ ਹਨ ਜਿੱਥੇ ਅਧਿਆਪਕ ਮਹਿਸੂਸ ਕਰਨ ਕਿ ਉਨ੍ਹਾਂ ਦਾ ਗਿਆਨ ਅਤੇ ਤਜਰਬਾ ਮਹੱਤਵ ਰੱਖਦਾ ਹੈ।

ਵਿਦਿਆਰਥੀ ਗੱਲਾਂ ਨਾਲੋਂ ਵਿਵਹਾਰ ਨੂੰ ਵੱਧ ਦੇਖਦੇ ਹਨ

ਵਿਦਿਆਰਥੀ ਬਹੁਤ ਬਾਰੀਕੀ ਨਾਲ ਨਿਰੀਖਣ ਕਰਦੇ ਹਨ। ਉਹ ਦੇਖਦੇ ਹਨ ਕਿ ਵੱਡੇ ਇ

27 ਸਤੰਬਰ ਨੂੰ ਧੂਮਧਾਮ ਨਾਲ ਮਨਾਇਆ ਜਾਵੇਗਾ ਵਿਦਿਆਰਥੀ ਨੌਜਵਾਨ ਮੇਲਾ, ਲੱਗੇਗਾ ਮੁਫ਼ਤ ਮੈਡੀਕਲ ਕੈਂਪ: ਬੀਬੀ ਸਸੀ ਰਾਣਾ

ਬਲਾਚੌਰ, 20 ਸਤੰਬਰ (ਤਜਿੰਦਰ ਜੋਤ, ਜਸਵਿੰਦਰ ਕੌਰ) ਅੱਜ ਦੇ ਗੰਭੀਰ ਅਤੇ ਨਾਜ਼ੁਕ ਦੌਰ ਵਿੱਚ, ਜਿੱਥੇ ਮਾਰੂ ਨਸ਼ਿਆਂ ਦਾ ਛੇਵਾਂ ਦਰਿਆ ਸਾਡੀ ਆਉਣ ਵਾਲੀ ਜਵਾਨੀ ਨੂੰ ਦੀਮਕ ਵਾਂਗ ਚੱਟ ਕੇ ਬਰਬਾਦ ਕਰ ਰਿਹਾ ਹੈ, ਉੱਥੇ ਹੀ ਨੌਜਵਾਨਾਂ ਨੂੰ ਇਸ ਭੈੜੀ ਅਲਾਮਤ ਅਤੇ ਭਟਕਾਅ ਤੋਂ ਬਚਾਉਣ ਲਈ 'ਸ਼ਹੀਦ ਭਗਤ ਸਿੰਘ ਨੌਜਵਾਨ ਫੈਡਰੇਸ਼ਨ' ਵੱਲੋਂ ਨਿਭਾਇਆ ਜਾ ਰਿਹਾ ਰੋਲ ਅਤਿ ਸ਼ਲਾਘਾਯੋਗ ਅਤੇ ਪ੍ਰੇਰਨਾਦਾਇਕ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਸਸੀ ਰਾਣਾ (ਸਾਬਕਾ ਸਰਪੰਚ ਅਤੇ ਸਰਪ੍ਰਸਤ, ਸ਼ਹੀਦ ਭਗਤ ਸਿੰਘ ਨੌਜਵਾਨ ਫੈਡਰੇਸ਼ਨ) ਨੇ ਕਬੱਡੀ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਬੀਬੀ ਸਸੀ ਰਾਣਾ ਨੇ ਸਮੂਹ ਪਿੰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਆਪਣੀਆਂ ਆਉਣ ਵਾਲੀਆਂ ਨਸਲਾਂ, ਬੱਚਿਆਂ ਅਤੇ ਜਵਾਨੀ ਦੇ ਸੁਨਹਿਰੀ ਭਵਿੱਖ ਨੂੰ ਬਚਾਉਣ ਦੇ ਇਸ ਅਹਿਮ ਤੇ ਸਮਾਜਿਕ ਕਾਰਜ ਵਿੱਚ ਫੈਡਰੇਸ਼ਨ ਦਾ ਪੂਰਨ ਸਹਿਯੋਗ ਕਰਨ। ਖੇਡਾਂ, ਚੰਗੀ ਵਿੱਦਿਆ ਅਤੇ ਸੱਭਿਆਚਾਰ ਨਾਲ ਹੀ ਸੰਭਵ ਹੈ ਨਸ਼ਾਮੁਕਤੀ ਬੀਬੀ ਰਾਣਾ ਨੇ ਵਿਸ਼ੇਸ਼ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਿਆਂ ਦੀ ਬੁਰਾਈ ਨੂੰ ਜੜ੍ਹੋਂ ਠੱਲ੍ਹ ਪਾਉਣ ਲਈ ਸਭ ਤੋਂ ਜ਼ਰੂਰੀ ਕਦਮ ਨੌਜਵਾਨਾਂ ਦੇ ਮਾਨਸਿਕ ਤੇ ਚੇਤਨਾ ਪੱਧਰ ਦਾ ਵਿਕਾਸ ਕਰਨਾ ਹੈ। ਨੌਜਵਾਨਾਂ ਨੂੰ ਗਲਤ ਰਸਤੇ ਤੋਂ ਮੋੜ ਕੇ ਸਹੀ ਦਿਸ਼ਾ ਵੱਲ ਲੈ ਜਾਣ ਲਈ ਚੰਗੀ ਤੇ ਮਿਆਰੀ ਵਿੱਦਿਆ, ਖੇਡਾਂ ਅਤੇ ਉੱਚੇ-ਸੁੱਚੇ ਨੈਤਿਕ ਸਭਿਆਚਾਰ ਦੀ ਸਖ਼ਤ ਲੋੜ ਹੈ। ਖੇਡਾਂ ਨਾ ਕੇਵਲ ਨੌਜਵਾਨਾਂ ਨੂੰ ਸਰੀਰਕ ਤੇ ਮਾਨਸਿਕ ਤੌਰ ਤੇ ਮਜ਼ਬੂਤ ਤੇ ਅਰੋਗ ਬਣਾਉਂਦੀਆਂ ਹਨ, ਸਗੋਂ ਉਹਨਾਂ ਵਿੱਚ ਅਨੁਸ਼ਾਸਨ, ਆਪਸੀ ਭਾਈਚਾਰਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਫੈਡਰੇਸ਼ਨ ਇਸੇ ਹਾਂ-ਪੱਖੀ ਦਿਸ਼ਾ ਵਿੱਚ ਨਿਰੰਤਰ ਕੰਮ ਕਰ ਰਹੀ ਹੈ। ਪਿਛਲੇ ਛੇ ਮਹੀਨਿਆਂ ਤੋਂ ਸ਼ਹੀਦ ਭਗਤ ਸਿੰਘ ਨੌਜਵਾਨ ਫੈਡਰੇਸ਼ਨ ਅਤੇ ਭਾਈ ਲਾਲੋ ਲੋਕ ਮੰਚ ਵੱਲੋਂ ਪਿੰਡ ਵਿੱਚ ਨਸ਼ਿਆਂ ਦੀ ਡਿਮਾਂਡ (ਮੰਗ) ਨੂੰ ਜੜ੍ਹੋਂ ਖ਼ਤਮ ਕਰਨ ਲਈ ਸਾਂਝੇ ਤੌਰ ਤੇ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਸਾਂਝੇ ਅਤੇ ਲੋਕ-ਪੱਖੀ ਯਤਨਾਂ ਦੇ ਬਹੁਤ ਹੀ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਇਸ ਮੁਹਿੰਮ ਨੂੰ ਇਲਾਕੇ ਵਿੱਚ ਵੱਡੀ ਕਾਮਯਾਬੀ ਮਿਲ ਰਹੀ ਹੈ। ਇਸ ਸਮਾਗਮ ਦੌਰਾਨ ਡਾਕਟਰ ਪਵਨ ਕੁਮਾਰ ਅਤੇ ਨੌਜਵਾਨ ਫੈਡਰੇਸ਼ਨ ਦੇ ਪ੍ਰਧਾਨ ਅਭੀ ਸਿੰਘ ਨੇ ਅਹਿਮ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਇੱਕ ਵਿਸ਼ੇਸ਼ ਵਿਦਿਆਰਥੀ ਨੌਜਵਾਨ ਮੇਲਾ 27 ਸਤੰਬਰ ਨੂੰ ਸਵੇਰੇ ਠੀਕ 9:00 ਵਜੇ ਕਰਵਾਇਆ ਜਾਵੇਗਾ। ਇਸ ਮੇਲੇ ਦੀ ਸ਼ੁਰੂਆਤ ਪਹਿਲੀ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਵਿਦਿਅਕ ਤੇ ਗਿਆਨਵਰਧਕ ਮੁਕਾਬਲਿਆਂ ਨਾਲ ਹੋਵੇਗੀ, ਤਾਂ ਜੋ ਬੱਚਿਆਂ ਅੰਦਰ ਪੜ੍ਹਾਈ, ਸਿਰਜਣਾਤਮਕਤਾ ਅਤੇ ਬੌਧਿਕ ਵਿਕਾਸ ਪ੍ਰਤੀ ਰੁਚੀ ਵਧਾਈ ਜਾ ਸਕੇ। ਇਸ ਦੇ ਨਾਲ ਹੀ, ਆਮ ਲੋਕਾਂ ਦੀ ਸਿਹਤ ਸੰਭਾਲ ਨੂੰ ਮੁੱਖ ਰੱਖਦਿਆਂ ਸਮਾਗਮ ਦੌਰਾਨ ਇੱਕ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਵੀ ਲਗਾਇਆ ਜਾਵੇਗਾ, ਜਿਸ ਵਿੱਚ ਮਾਹਰ ਡਾਕਟਰਾਂ ਵੱਲੋਂ ਲੋੜਵੰਦ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ ਅਤੇ ਲੋੜੀਂਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਵੱਲੋਂ ਸਮੂਹ ਪਿੰਡ ਵਾਸੀਆਂ, ਮਾਪਿਆਂ ਅਤੇ ਇਲਾਕੇ ਦੇ ਸਮੂਹ ਨੌਜਵਾਨਾਂ ਨੂੰ 27 ਸਤੰਬਰ ਦੇ ਇਸ ਮਹਾਨ ਪ੍ਰੋਗਰਾਮ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਗਈ ਹੈ।

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡੇਰਾ ਬਾਬਾ ਨਾਨਕ ਵਿਖੇ ਮੀਟਿੰਗ

ਡੇਰਾ ਬਾਬਾ ਨਾਨਕ/ਗੁਰਦਾਸਪੁਰ, 20 ਸਤੰਬਰ (ਗੁਲਸ਼ਨ ਕੁਮਾਰ) ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡਾਂ ਦੇ ਸਰਪੰਚ ਸਾਹਿਬਾਨ ਨਾਲ ਅਹਿਮ ਮੀਟਿੰਗ ਕੀਤੀ। ਇਸ ਮੌਕੇ ਐੱਸ ਡੀ ਐਮ ਲਛਮਣ ਸਿੰਘ, ਐਸ.ਐਚ.ਓ. ਡੇਰਾ ਬਾਬਾ ਨਾਨਕ ਸਮੇਤ ਪਿੰਡਾਂ ਦੇ ਸਰਪੰਚ ਸਾਹਿਬਾਨ ਹਾਜ਼ਰ ਸਨ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਮੌਕੇ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਪਿੰਡ ਪੱਧਰ 'ਤੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਨਸ਼ਿਆਂ ਵਿਰੁੱਧ ਲੜਾਈ ਵਿੱਚ ਪੰਚਾਇਤਾਂ, ਪ੍ਰਸ਼ਾਸਨ ਅਤੇ ਪੁਲਿਸ ਦੇ ਸਾਂਝੇ ਯਤਨਾਂ ਦੀ ਮਹੱਤਤਾ 'ਤੇ ਵੀ ਚਰਚਾ ਹੋਈ। ਉਨ੍ਹਾਂ ਕਿਹਾ ਕਿ ਆਓ, ਸਾਰੇ ਮਿਲ ਕੇ ਨਸ਼ਿਆਂ ਵਿਰੁੱਧ ਇੱਕਜੁੱਟ ਹੋਈਏ ਅਤੇ ਆਪਣੇ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਬਣਾਈਏ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਸਾਰੇ ਵਲੰਟੀਅਰਜ਼, ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਬੜੀ ਸਰਗਰਮੀ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜਿਕ ਬੁਰਾਈ ਨਸ਼ਿਆਂ ਨੂੰ ਜੜੋਂ ਖਤਮ ਕਰਨ ਲਈ ਵਚਨਬੱਧ ਹੈ ਅਤੇ ਸਮੂਹਿਕ ਯਤਨਾਂ ਨਾਲ ਇਸ ਬਿਮਾਰੀ ਨੂੰ ਖਤਮ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਨਸ਼ਿਆਂ ਵਿਰੁੱਧ ਹੋਰ ਜਾਗਰੂਕਤਾ ਮੁਹਿੰਮ, ਸੈਮੀਨਾਰ ਅਤੇ ਕੈਂਪ ਵੱਡੇ ਪੱਧਰ ਤੇ ਲਗਾਏ ਜਾਣਗੇ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਇਸ ਮੁਹਿੰਮ ਨਾਲ ਜੋੜਿਆ ਜਾ ਸਕੇ।

2027 ਚ ਮਜ਼ਬੂਤ ਸੰਗਠਨ ਦੇ ਦਮ ਤੇ ਸਰਕਾਰ ਬਣਾਏਗੀ ਭਾਜਪਾ: ਐਡ ਰਾਜਵਿੰਦਰ ਲੱਕੀ

ਬਲਾਚੌਰ, 20 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੇ ਮੰਤਵ ਨਾਲ ਵਿੱਢੀ ਗਈ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਲੈ ਕੇ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਾਜਵਿੰਦਰ ਲੱਕੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਮੁਹਿੰਮ ਪੰਜਾਬ ਦੀ ਨੌਜਵਾਨ ਸ਼ਕਤੀ ਨੂੰ ਇੱਕ ਨਵੀਂ ਅਤੇ ਵਿਕਾਸਮੁਖੀ ਦਿਸ਼ਾ ਦੇਣ ਵਿੱਚ ਮੀਲ ਦਾ ਪੱਥਰ ਸਾਬਿਤ ਹੋਵੇਗੀ। ਇਹ ਵਿਸ਼ਾਲ ਯਾਤਰਾ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ ਤੱਕ ਪਹੁੰਚੇਗੀ। ਇਹ ਸਿਰਫ਼ ਇੱਕ ਸਿਆਸੀ ਪ੍ਰੋਗਰਾਮ ਜਾਂ ਯਾਤਰਾ ਨਹੀਂ ਹੈ, ਸਗੋਂ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਨਸ਼ਿਆਂ ਦੇ ਦੈਤ ਤੋਂ ਬਚਾਉਣ ਲਈ ਵਿੱਢੀ ਗਈ ਇੱਕ ਵੱਡੀ ਸਮਾਜਿਕ ਮੁਹਿੰਮ ਹੈ। ਇਸ ਯਾਤਰਾ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਚੋਂ ਕੱਢ ਕੇ ਸਿੱਖਿਆ, ਰੁਜ਼ਗਾਰ, ਖੇਡਾਂ, ਹੁਨਰ ਵਿਕਾਸ ਅਤੇ ਇੱਕ ਮਜ਼ਬੂਤ ਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸੂਬੇ ਦੀ ਮੌਜੂਦਾ ਸਰਕਾਰ ਤੇ ਤਿੱਖੇ ਨਿਸ਼ਾਨੇ ਸਾਧਦਿਆਂ ਜ਼ਿਲ੍ਹਾ ਪ੍ਰਧਾਨ ਨੇ ਆਖਿਆ ਕਿ ਨਸ਼ਾ ਅੱਜ ਪੰਜਾਬ ਦੇ ਸਮਾਜਿਕ, ਆਰਥਿਕ ਅਤੇ ਪਰਿਵਾਰਕ ਢਾਂਚੇ ਨੂੰ ਬੁਰੀ ਤਰ੍ਹਾਂ ਤਹਿਸ-ਨਹਿਸ ਕਰ ਚੁੱਕਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵੱਲੋਂ ਨਸ਼ਾ ਖ਼ਤਮ ਕਰਨ ਦੇ ਦਾਅਵੇ ਸਿਰਫ਼ ਇਸ਼ਤਿਹਾਰਬਾਜ਼ੀ ਅਤੇ ਮਸ਼ਹੂਰੀਆਂ ਤੱਕ ਹੀ ਸੀਮਤ ਹਨ। ਦੂਜੇ ਪਾਸੇ, ਜੋ ਲੋਕ ਜਾਂ ਜਥੇਬੰਦੀਆਂ ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਦੀਆਂ ਹਨ, ਉਨ੍ਹਾਂ ਨਾਲ ਸਰਕਾਰ ਵੱਲੋਂ ਮਾੜਾ ਵਤੀਰਾ ਕੀਤਾ ਜਾ ਰਿਹਾ ਹੈ। ਭਾਜਪਾ ਦਾ ਮੰਨਣਾ ਹੈ ਕਿ ਪੰਜਾਬ ਨੂੰ ਅਜਿਹੇ ਬਦਲਾਅ ਦੀ ਲੋੜ ਹੈ ਜਿੱਥੇ ਨੌਜਵਾਨਾਂ ਲਈ ਸੂਬੇ ਵਿੱਚ ਹੀ ਪੱਕੇ ਰੁਜ਼ਗਾਰ ਦੇ ਮੌਕੇ ਪੈਦਾ ਹੋਣ। ਨਵੇਂ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾਵੇ ਤਾਂ ਜੋ ਉਦਯੋਗਿਕ ਵਿਕਾਸ ਹੋਵੇ। ਕਿਸਾਨਾਂ ਦੀ ਆਮਦਨ ਵਧੇ ਅਤੇ ਖੇਤੀਬਾੜੀ ਨਾਲ ਜੁੜੇ ਸਾਇਡ-ਬਿਜ਼ਨਸ ਮਜ਼ਬੂਤ ਹੋਣ। ਸਿੱਖਿਆ ਅਤੇ ਸਿਹਤ ਸਹੂਲਤਾਂ ਵਿੱਚ ਮਿਆਰੀ ਸੁਧਾਰ ਕੀਤਾ ਜਾਵੇ।ਭਾਜਪਾ ਪੰਜਾਬ ਦੇ ਵਿਕਾਸ, ਨਸ਼ਾ-ਮੁਕਤੀ ਅਤੇ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਨੂੰ ਆਪਣੀ ਪਹਿਲੀ ਤਰਜੀਹ ਬਣਾ ਕੇ ਘਰ-ਘਰ ਤੱਕ ਪਹੁੰਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਆਪਣੇ ਮਜ਼ਬੂਤ ਕੇਡਰ, ਸੰਗਠਨ ਅਤੇ ਲੋਕਾਂ ਨਾਲ ਲਗਾਤਾਰ ਸਿੱਧੇ ਸੰਪਰਕ ਦੇ ਦਮ ਤੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਪੂਰਨ ਬਹੁਮਤ ਨਾਲ ਸਰਕਾਰ ਬਣਾਉਣ ਦੇ ਟੀਚੇ ਵੱਲ ਤੇਜ਼ੀ ਨਾਲ ਵਧ ਰਹੀ ਹੈ। ਅਪੀਲ ਕੀਤੀ ਕਿ ਪੰਜਾਬ ਨੂੰ ਮੁੜ ਖ਼ੁਸ਼ਹਾਲ, ਵਿਕਸਤ ਅਤੇ ਨਸ਼ਾ-ਮੁਕਤ ਬਣਾਉਣ ਲਈ ਆਮ ਲੋਕਾਂ ਨੂੰ ਵੀ ਆਪਣੀ ਸਾਂਝੀ ਭੂਮਿਕਾ ਨਿਭਾਉਣੀ ਪਵੇਗੀ।

ਕਾਂਗਰਸ ਆਗੂ ਡਾ. ਬਖਸ਼ੀਸ਼ ਸਿੰਘ ਹਲਕਾ ਚੱਬੇਵਾਲ ਦੇ ਅਬਜ਼ਰਬਰ ਨਿਯੁਕਤ

ਬੰਗਾ 20 ਸਤੰਬਰ (ਮਨਜਿੰਦਰ ਸਿੰਘ) ਕਾਂਗਰਸ ਪਾਰਟੀ ਵਲੋਂ ਅੱਜ ਵੱਖ ਵੱਖ ਵਿਧਾਨ ਸਭਾ ਹਲਕਿਆਂ ਲਈ ਅਬਜ਼ਰਬਰ ਨਿਯੁਕਤ ਕੀਤੇ ਗਏ ਹਨ। ਇਸ ਸਬੰਧੀ ਗੁਰਪ੍ਰੀਤ ਸਿੰਘ ਲੱਕੀ ਪੱਖੋਂ ਚੇਅਰਮੈਨ ਐਸ ਸੀ ਡਿਪਾਰਟਮੈਂਟ ਅਤੇ ਡੈਲੀਗੇਟ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਲੋਂ ਜਾਰੀ ਜਾਰੀ ਕੀਤੀ ਗਈ ਹੈ। ਇਸ ਤਹਿਤ ਬੰਗਾ ਹਲਕੇ ਦੇ ਸੀਨੀਅਰ ਕਾਂਗਰਸ ਆਗੂ ਡਾ. ਬਖਸ਼ੀਸ਼ ਸਿੰਘ ਮੈਂਬਰ ਸਲਾਹਕਾਰ ਕਮੇਟੀ ਐਸ ਸੀ ਵਿੰਗ ਪੰਜਾਬ ਨੂੰ ਵਿਧਾਨ ਸਭਾ ਹਲਕਾ ਚੱਬੇਵਾਲ ਦਾ ਅਬਜ਼ਰਬਰ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਦਾ ਕਾਂਗਰਸ ਦੇ ਦਰਜ-ਬ-ਦਰਜਾ ਆਗੂਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ ਹੈ ਅਤੇ ਇਸ ਨੂੰ ਡਾ. ਬਖਸ਼ੀਸ਼ ਸਿੰਘ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਦਾ ਸਨਮਾਨ ਦੱਸਿਆ ਗਿਆ ਹੈ। ਕਾਂਗਰਸ ਆਗੂ ਡਾ. ਬਖਸ਼ੀਸ਼ ਸਿੰਘ ਨੇ ਇਸ ਨਿਯੁਕਤੀ ਲਈ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ ਹੈ। ਉਹਨਾਂ ਨੇ ਹਮੇਸ਼ਾਂ ਪਾਰਟੀ ਦੀ ਮਜ਼ਬੂਤੀ ਅਤੇ ਪਾਰਟੀ ਪ੍ਰੋਗਰਾਮ ਨੂੰ ਜਨ ਜਨ ਤੱਕ ਪੁੱਜਦਾ ਕਰਨ ਲਈ ਜ਼ਮੀਨੀ ਪੱਧਰ 'ਤੇ ਮਿਹਨਤ ਕੀਤੀ ਹੈ। ਉਹ ਇਸ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੇ ਵਰਕਰਾਂ ਦੇ ਸਨਮਾਨ ਨੂੰ ਮੁੱਖ ਰੱਖਦਿਆਂ ਹਲਕੇ ਅੰਦਰ ਪਾਰਟੀ ਦਾ ਜਨ ਆਧਾਰ ਪ੍ਰਤੀ ਅਦਬ ਦਾ ਮਾਹੌਲ ਸਨਮੁੱਖ ਰੱਖਣਗੇ। ਪੰਜਾਬ ਅੰਦਰ ਜਿਸ ਤਰ੍ਹਾਂ ਅਰਾਜਕਤਾ ਤਾ ਮਾਹੌਲ ਬਣਿਆ ਹੋਇਆ ਹੈ ਉਸ ਸਥਿਤੀ ਵਿੱਚ ਸੂਬਾ ਵਾਸੀਆਂ ਦੇ ਹਿੱਤਾਂ ਦੀ ਸੁਰੱਖਿਆ ਲਈ ਕਾਂਗਰਸ ਦੀ ਅਗਵਾਈ ਵਾਲੀ ਸਰਕਾਰ ਦੀ ਅਤਿਅੰਤ ਲੋੜ ਹੈ।

ਗ੍ਰਾਮ ਪੰਚਾਇਤ ਮਾਨੋਚਾਹਲ ਕਲਾਂ ਨੇ ਚਲਾਈ ਵਿਸ਼ੇਸ਼ ਸਫ਼ਾਈ ਮੁਹਿੰਮ -ਸਾਂਝੇ ਪਖ਼ਾਨੇ ਦੀ ਉਸਾਰੀ ਦਾ ਕੰਮ ਵੀ ਆਰੰਭ

ਤਰਨ ਤਾਰਨ, 20 ਸਤੰਬਰ (ਤਰਸੇਮ ਸਿੰਘ ਭੁਪਾਲ, ਸਾਹਿਬ ਸਿੰਘ) ਸਵੱਛਤਾ ਹੀ ਸੇਵਾ ਮੁਹਿੰਮ 2026 ਤਹਿਤ ਸਵੱਛਤਾ ਵਿੱਚ ਸਹਿਭਾਗ, ਸਵੱਛ ਭਾਰਤ ਵਿਕਸਿਤ ਭਾਰਤ ਥੀਮ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਬਲਾਕ ਖੜੂਰ ਸਾਹਿਬ ਦੀ ਗ੍ਰਾਮ ਪੰਚਾਇਤ ਮਾਨੋਚਾਹਲ ਕਲਾਂ ਵੱਲੋਂ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਪਿੰਡ ਦੇ ਵੱਖ-ਵੱਖ ਜਨਤਕ ਸਥਾਨਾਂ, ਗਲ਼ੀਆਂ ਅਤੇ ਆਲੇ-ਦੁਆਲੇ ਦੇ ਖੇਤਰਾਂ ਦੀ ਸਫ਼ਾਈ ਕੀਤੀ ਗਈ ਅਤੇ ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਮੌਕੇ ਸਰਪੰਚ ਸਕੱਤਰ ਸਿੰਘ ਦੀ ਅਗਵਾਈ ਹੇਠ ਗ੍ਰਾਮ ਪੰਚਾਇਤ ਵੱਲੋਂ ਪਿੰਡ ਨੂੰ ਸਾਫ-ਸੁਥਰਾ ਅਤੇ ਸੁੰਦਰ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ। ਸਫ਼ਾਈ ਮੁਹਿੰਮ ਦੌਰਾਨ ਕੂੜਾ-ਕਰਕਟ ਦੀ ਸਹੀ ਢੰਗ ਨਾਲ ਸੰਭਾਲ, ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ ਅਤੇ ਜਨਤਕ ਥਾਵਾਂ ਨੂੰ ਸਾਫ਼ ਰੱਖਣ ਸਬੰਧੀ ਪਿੰਡ ਵਾਸੀਆਂ ਨੂੰ ਜਾਗਰੂਕ ਕੀਤਾ ਗਿਆ। ਗ੍ਰਾਮ ਪੰਚਾਇਤ ਮਾਨੋਚਾਹਲ ਕਲਾਂ ਵੱਲੋਂ ਪਿੰਡ ਵਿੱਚ ਸਾਂਝੇ ਪਖਾਨੇ ਦੀ ਉਸਾਰੀ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਗਿਆ। ਉਦੇਸ਼ ਪਿੰਡ ਵਾਸੀਆਂ ਨੂੰ ਸਾਫ-ਸੁਥਰੀਆਂ ਅਤੇ ਬਿਹਤਰ ਸੈਨੇਟੇਸ਼ਨ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਪਿੰਡ ਵਿੱਚ ਸਵੱਛਤਾ ਦੇ ਪੱਧਰ ਨੂੰ ਹੋਰ ਉੱਚਾ ਚੁੱਕਣਾ ਹੈ। ਸਰਪੰਚ ਸਕੱਤਰ ਸਿੰਘ ਨੇ ਕਿਹਾ ਕਿ ਸ

ਸਤਨਾਮ ਜਲਾਲਪੁਰ ਨੇ ਨੀਲੇ ਵਾੜੇ ਚ ਕੀਤੀ ਵੱਡੀ ਲੋਕ ਮਿਲਣੀ

ਬਲਾਚੌਰ 20 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਆਮ ਆਦਮੀ ਪਾਰਟੀ ਦੇ ਆਗੂ ਅਤੇ ਸਾਬਕਾ ਚੇਅਰਮੈਨ ਜਿਲਾ ਯੋਜਨਾ ਬੋਰਡ ਸਤਨਾਮ ਜਲਾਲਪੁਰ ਵੱਲੋਂ ਨੀਲੇ ਵਾੜੇ ਵਿਖੇ ਹਰਮੇਸ਼ ਲਾਲ ਠੇਕੇਦਾਰ ਜੀ ਦੇ ਘਰ ਇੱਕ ਭਾਰੀ ਇਕੱਠ ਕਰਕੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਉਹਨਾਂ ਨੇ ਸਤਨਾਮ ਜਲਾਲਪੁਰ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਪੂਰਾ ਸਮਰਥਨ ਦਿੱਤਾ। ਸਤਨਾਮ ਜਲਾਲਪੁਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਪ੍ਰਮੁੱਖ ਯੋਜਨਾਵਾ ਸਰਕਾਰ ਵੱਲੋਂ ਔਰਤਾਂ ਅਤੇ ਧੀਆਂ ਦੀ ਸਮਾਜਿਕ ਤੇ ਆਰਥਿਕ ਮਜ਼ਬੂਤੀ ਲਈ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ। ਔਰਤਾਂ ਲਈ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਅਤੇ ਧੀਆਂ ਦੀ ਪੜ੍ਹਾਈ ਤੇ ਸੁਰੱਖਿਆ ਲਈ ਨਵੀਆਂ ਭਲਾਈ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ।ਪੰਜਾਬ ਦੇ 90 ਫੀਸਦੀ ਤੋਂ ਵੱਧ ਪਰਿਵਾਰਾਂ ਦਾ 600 ਯੂਨਿਟ ਮੁਫ਼ਤ ਬਿਜਲੀ ਦਾ ਵਾਅਦਾ ਪੂਰਾ ਕੀਤਾ ਗਿਆ ਹੈ, ਜਿਸ ਨਾਲ ਆਮ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ ਅਤੇ ਲੋਕਾਂ ਨੂੰ ਮਹਿੰਗਾਈ ਤੋਂ ਵੱਡੀ ਰਾਹਤ ਮਿਲੀ ਹੈ।ਸੂਬੇ ਦੇ ਬਜ਼ੁਰਗਾਂ ਨੂੰ ਦੇਸ਼ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਮੁਫ਼ਤ ਅਤੇ ਸੁਖਾਲੇ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਨਾਲ ਬਜ਼ੁਰਗਾਂ ਵਿੱਚ ਭਾਰੀ ਖੁਸ਼ੀ ਹੈ।ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਰਕਾਰ ਵੱਲੋਂ ਸਖ਼ਤ ਮੁਹਿੰਮ ਚਲਾਈ ਜਾ ਰਹੀ ਹੈ। ਨਸ਼ਾ ਤਸਕਰਾਂ ਤੇ ਨਕੇਲ ਕੱਸੀ ਜਾ ਰਹੀ ਹੈ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਪਿੰਡ-ਪਿੰਡ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ।ਲੋਕ ਮਿਲਣੀ ਦੌਰਾਨ ਨੀਲੇ ਵਾੜੇ ਦੇ ਨਿਵਾਸੀਆਂ ਨੇ ਸਤਨਾਮ ਜਲਾਲਪੁਰ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਪਿੰਡ ਵਾਸੀਆਂ ਨੇ ਸਰਕਾਰ ਦੀਆਂ ਨੀਤੀਆਂ ਚ ਪੂਰਾ ਵਿਸ਼ਵਾਸ ਪ੍ਰਗਟਾਉਂਦਿਆਂ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਸਤਨਾਮ ਜਲਾਲਪੁਰ ਨੇ ਵੀ ਲੋਕਾਂ ਦੇ ਇਸ ਅਥਾਹ ਪਿਆਰ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਲਾਕੇ ਦੇ ਹਰ ਮਸਲੇ ਦਾ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ।

ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਦੀ ਛੇਵੀਂ ਬਰਸੀ ਮੌਕੇ ਧਾਰਮਿਕ ਸਮਾਗਮ ਕਰਵਾਇਆ

ਅੰਮ੍ਰਿਤਸਰ/ਤਰਸਿੱਕਾ 20 ਸਤੰਬਰ (ਕੰਵਲਜੀਤ ਸਿੰਘ ਜੋਧਾ ਨਗਰੀ) ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਛੇਵੀਂ ਬਰਸੀ ਸਬੰਧੀ ਵਿਸ਼ੇਸ਼ ਧਾਰਮਿਕ ਸਮਾਗਮ ਗੁਰਦੁਆਰਾ ਭਗਤਾਂ ਦਾ ਡੇਰਾ, ਤਰਸਿੱਕਾ ਵਿਖੇ ਪੂਰੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਗਿਆ। ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸੰਤ ਬਾਬਾ ਪ੍ਰੀਤਮ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਰੱਬੀ ਰੂਹ ਸਨ, ਜਿਨ੍ਹਾਂ ਨੇ ਆਪਣਾ ਜੀਵਨ ਲੋਕ ਸੇਵਾ ਅਤੇ ਧਾਰਮਿਕ ਕਾਰਜਾਂ ਨੂੰ ਸਮਰਪਿਤ ਕੀਤਾ। ਸੰਤ ਬਾਬਾ ਪ੍ਰੀਤਮ ਸਿੰਘ ਜੀ ਵੱਲੋਂ ਇਲਾਕੇ ਦੀ ਸੰਗਤ ਨੂੰ ਗੁਰੂ ਸ਼ਬਦ ਨਾਲ ਜੋੜਨ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਪ੍ਰਫੁੱਲਤ ਕਰਨ ਲਈ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਸਾਦਗੀ, ਸੇਵਾ ਭਾਵਨਾ ਅਤੇ ਲੋਕਾਂ ਨੂੰ ਸਹੀ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨ ਵਾਲੀ ਸੋਚ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੈ। ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਤਰਸਿੱਕਾ ਵਿਖੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਤੇ ਪੰਜਾਬ ਸਰਕਾਰ ਵੱਲੋਂ ਕਰੀਬ 3 ਕਰੋੜ ਰੁਪਏ ਦੀ ਲਾਗਤ ਨਾਲ 8 ਏਕੜ ਰਕਬੇ ਵਿੱਚ ਬਣਾਏ ਜਾ ਰਹੇ ਖੇਡ ਸਟੇਡੀਅਮ ਦਾ ਨਿਰੀਖਣ ਕੀਤਾ। ਸਬੰਧਤ ਅਧਿਕਾਰੀਆਂ ਤੋਂ ਸਟੇਡੀਅਮ ਵਿੱਚ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਖੇਡ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਖੇਡ ਸਟੇਡੀਅਮ ਵਿੱਚ ਹਾਕੀ ਗਰਾਊਂਡ, 400 ਮੀਟਰ ਅਥਲੈਟਿਕ ਟਰੈਕ, ਸਕੇਟਿੰਗ ਗਰਾਊਂਡ, ਕਬੱਡੀ ਗਰਾਊਂਡ ਅਤੇ ਵਾਲੀਬਾਲ ਗਰਾਊਂਡ ਸਮੇਤ ਹੋਰ ਖੇਡ ਸਹੂਲਤਾਂ ਵਿਕਸਿਤ ਕੀਤੀਆਂ ਜਾ ਰਹੀਆਂ ਹਨ। ਤਰਸਿੱਕਾ ਵਿਖੇ ਬਣ ਰਹੇ ਇਸ ਖੇਡ ਸਟੇਡੀਅਮ ਦਾ ਨਾਮ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੇ ਨਾਮ 'ਤੇ ਰੱਖਿਆ ਜਾਵੇਗਾ। ਸਟੇਡੀਅਮ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀਆਂ ਸੇਵਾਵਾਂ ਅਤੇ ਯਾਦ ਨੂੰ ਸਮਰਪਿਤ ਹੋਵੇਗਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਦੇ ਜੀਵਨ ਅਤੇ ਸੇਵਾ ਭਾਵਨਾ ਤੋਂ ਪ੍ਰੇਰਨਾ ਮਿਲਦੀ ਰਹੇਗੀ। ਮੁੱਖ ਸੇਵਾਦਾਰ ਬਾਬਾ ਗੁਰਦੇਵ ਸਿੰਘ ਅਤੇ ਪ੍ਰਬੰਧਕਾਂ ਵੱਲੋਂ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ ਅਤੇ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਯਾਦ ਨੂੰ ਸ਼ਰਧਾ ਸਹਿਤ ਨਮਨ ਕੀਤਾ।

ਵਿਆਹ ਪੁਰਬ ਦੀਆਂ ਖੁਸ਼ੀਆਂ ਸੰਗਤ ਨਾਲ ਸਾਂਝੀਆਂ ਕਰਦਿਆਂ ਨਾਥਪੁਰ ਦੀ ਸੰਗਤ ਨੇ ਲਗਾਇਆ ਲੰਗਰ, ਮੈਡੀਕਲ ਕੈਂਪ ਰਾਹੀਂ ਲੋਕਾਂ ਦੀ ਕੀਤੀ ਸਿਹਤ ਜਾਂਚ

ਕਾਦੀਆਂ, 20 ਸਤੰਬਰ (ਕਾਹਲੋਂ) ਜਗਤ ਗੁਰੂ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਪਾਵਨ ਵਿਆਹ ਪੁਰਬ ਦੇ ਸਬੰਧ ਵਿੱਚ ਪਿੰਡ ਨਾਥਪੁਰ ਦੀ ਸਮੂਹ ਸੰਗਤ ਵੱਲੋਂ ਸ਼ਰਧਾ, ਸਤਿਕਾਰ ਅਤੇ ਸੇਵਾ ਭਾਵਨਾ ਨਾਲ ਵਿਸ਼ੇਸ਼ ਉਪਰਾਲਾ ਕਰਦਿਆਂ ਲੰਗਰ ਲਗਾਇਆ ਗਿਆ। ਇਸ ਦੇ ਨਾਲ ਹੀ ਸੰਗਤ ਅਤੇ ਆਮ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਮੈਡੀਕਲ ਕੈਂਪ ਵੀ ਲਗਾਇਆ ਗਿਆ। ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣਾਂ, ਮੋਹਤਬਰਾਂ, ਨੌਜਵਾਨਾਂ ਅਤੇ ਸਮੂਹ ਸੰਗਤ ਵੱਲੋਂ ਵੱਧ-ਚੜ੍ਹ ਕੇ ਸ਼ਮੂਲੀਅਤ ਕਰਦਿਆਂ ਸੇਵਾ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਇਆ ਗਿਆ। ਬਲਾਕ ਸੰਮਤੀ ਮੈਂਬਰ ਮਲਕੀਤ ਸਿੰਘ ਨਾਥਪੁਰ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦਾ ਪਾਵਨ ਵਿਆਹ ਪੁਰਬ ਸਮੁੱਚੀ ਸਿੱਖ ਸੰਗਤ ਲਈ ਬਹੁਤ ਹੀ ਮਹੱਤਵਪੂਰਨ ਅਤੇ ਸ਼ਰਧਾ ਵਾਲਾ ਦਿਹਾੜਾ ਹੈ। ਇਸ ਪਵਿੱਤਰ ਦਿਹਾੜੇ ਦੀਆਂ ਖੁਸ਼ੀਆਂ ਸੰਗਤ ਨਾਲ ਸਾਂਝੀਆਂ ਕਰਨ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਪ੍ਰੇਰਣਾ ਲੈਂਦਿਆਂ ਮਨੁੱਖਤਾ ਦੀ ਸੇਵਾ ਕਰਨ ਦੇ ਉਦੇਸ਼ ਨਾਲ ਪਿੰਡ ਨਾਥਪੁਰ ਦੀ ਸੰਗਤ ਵੱਲੋਂ ਲੰਗਰ ਅਤੇ ਮੈਡੀਕਲ ਕੈਂਪ ਦਾ ਪ੍ਰਬੰਧ ਕੀਤਾ ਗਿਆ। ਸਿੱਖ ਧਰਮ ਵਿੱਚ ਸੇਵਾ ਦਾ ਵਿਸ਼ੇਸ਼ ਮਹੱਤਵ ਹੈ ਅਤੇ ਗੁਰੂ ਸਾਹਿਬਾਨ ਵੱਲੋਂ ਸੰਗਤ ਨੂੰ ਹਮੇਸ਼ਾ ਨਿਸ਼ਕਾਮ ਸੇਵਾ, ਸਾਂਝੀਵਾਲਤਾ, ਬਰਾਬਰੀ ਅਤੇ ਮਨੁੱਖਤਾ ਦੀ ਭਲਾਈ ਦਾ ਸੰਦੇਸ਼ ਦਿੱਤਾ ਗਿਆ ਹੈ। ਇਸੇ ਭਾਵਨਾ ਤਹਿਤ ਪਿੰਡ ਦੀ ਸੰਗਤ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ। ਵਿਆਹ ਪੁਰਬ ਦੇ ਸਬੰਧ ਵਿੱਚ ਲਗਾਏ ਗਏ ਲੰਗਰ ਵਿੱਚ ਸੰਗਤਾਂ ਅਤੇ ਇਲਾਕੇ ਦੇ ਲੋਕਾਂ ਨੇ ਸ਼ਰਧਾ ਨਾਲ ਹਿੱਸਾ ਲਿਆ। ਪਿੰਡ ਦੇ ਸੇਵਾਦਾਰਾਂ ਵੱਲੋਂ ਲੰਗਰ ਦੀ ਤਿਆਰੀ ਤੋਂ ਲੈ ਕੇ ਸੰਗਤਾਂ ਨੂੰ ਲੰਗਰ ਛਕਾਉਣ ਤੱਕ ਵੱਖ-ਵੱਖ ਸੇਵਾਵਾਂ ਨਿਭਾਈਆਂ ਗਈਆਂ। ਸੰਗਤ ਵਿੱਚ ਗੁਰੂ ਸਾਹਿਬ ਦੇ ਪਾਵਨ ਵਿਆਹ ਪੁਰਬ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸੇਵਾਦਾਰਾਂ ਨੇ ਪੂਰੀ ਸ਼ਰਧਾ ਅਤੇ ਨਿਮਰਤਾ ਨਾਲ ਸੇਵਾ ਕਰਦਿਆਂ ਆਉਣ ਵਾਲੀ ਸੰਗਤ ਦਾ ਸਵਾਗਤ ਕੀਤਾ। ਮੈਡੀਕਲ ਕੈਂਪ ਵਿੱਚ ਵੀ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਕੈਂਪ ਦੌਰਾਨ ਲੋਕਾਂ ਦੀ ਸਿਹਤ ਦੀ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਸਿਹਤ ਸਬੰਧੀ ਸਲਾਹ ਦਿੱਤੀ ਗਈ। ਸੰਗਤ ਵੱਲੋਂ ਧਾਰਮਿਕ ਸੇਵਾ ਦੇ ਨਾਲ-ਨਾਲ ਲੋਕਾਂ ਦੀ ਸਿਹਤ ਨੂੰ ਪਹਿਲ ਦੇਣਾ ਵੀ ਇਸ ਉਪਰਾਲੇ ਦਾ ਅਹਿਮ ਹਿੱਸਾ ਰਿਹਾ। ਮਲਕੀਤ ਸਿੰਘ ਨਾਥਪੁਰ ਨੇ ਕਿਹਾ ਕਿ ਧਾਰਮਿਕ ਸਮਾਗਮਾਂ ਦੇ ਨਾਲ ਮਨੁੱਖਤਾ ਦੀ ਸੇਵਾ ਕਰਨਾ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਅਮਲੀ ਰੂਪ ਵਿੱਚ ਅਪਣਾਉਣ ਦਾ ਇੱਕ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸੰਗਤ ਵੱਲੋਂ ਲਗਾਇਆ ਗਿਆ ਮੈਡੀਕਲ ਕੈਂਪ ਲੋਕਾਂ ਲਈ ਲਾਹੇਵੰਦ ਸਾਬਤ ਹੋਇਆ। ਇਸ ਸੇਵਾ ਕਾਰਜ ਦੌਰਾਨ ਪਿੰਡ ਦੇ ਪਤਵੰਤੇ ਸੱਜਣਾਂ, ਮੋਹਤਬਰਾਂ, ਨੌਜਵਾਨਾਂ ਅਤੇ ਸਮੂਹ ਸੰਗਤ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਸੇਵਾਦਾਰਾਂ ਵੱਲੋਂ ਲੰਗਰ ਅਤੇ ਮੈਡੀਕਲ ਕੈਂਪ ਦੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਣੀਆਂ ਸੇਵਾਵਾਂ ਦਿੱਤੀਆਂ ਗਈਆਂ। ਪਿੰਡ ਵਾਸੀਆਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਮਨੁੱਖਤਾ ਨੂੰ ਆਪਸੀ ਪਿਆਰ, ਸਾਂਝੀਵਾਲਤਾ ਅਤੇ ਨਿਸ਼ਕਾਮ ਸੇਵਾ ਦਾ ਰਾਹ ਦਿਖਾਉਂਦੀਆਂ ਹਨ। ਇਸ ਲਈ ਗੁਰੂ ਸਾਹਿਬ ਦੇ ਪਾਵਨ ਵਿਆਹ ਪੁਰਬ ਮੌਕੇ ਅਜਿਹੇ ਸੇਵਾ ਕਾਰਜ ਕਰਨਾ ਸੰਗਤ ਲਈ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ। ਬਲਾਕ ਸੰਮਤੀ ਮੈਂਬਰ ਮਲਕੀਤ ਸਿੰਘ ਨਾਥਪੁਰ ਨੇ ਕਿਹਾ ਕਿ ਗੁਰੂ ਸਾਹਿਬ ਦੇ ਪਾਵਨ ਵਿਆਹ ਪੁਰਬ ਮੌਕੇ ਪਿੰਡ ਦੀ ਸੰਗਤ ਵੱਲੋਂ ਕੀਤੀ ਗਈ ਸੇਵਾ ਲਈ ਉਹ ਸਮੂਹ ਸੰਗਤ, ਪਤਵੰਤੇ ਸੱਜਣਾਂ, ਨੌਜਵਾਨਾਂ ਅਤੇ ਸੇਵਾਦਾਰਾਂ ਦਾ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਇਹ ਸੇਵਾ ਕਾਰਜ ਸਫਲਤਾਪੂਰਵਕ ਨੇਪਰੇ ਚੜ੍ਹਿਆ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਮੁੱਚੀ ਮਨੁੱਖਤਾ ਨੂੰ ਇੱਕੋ ਜਿਹਾ ਸਮਝਦਿਆਂ ਸੱਚ, ਨਾਮ ਜਪਣ, ਕਿਰਤ ਕਰਨ ਅਤੇ ਵੰਡ ਛਕਣ ਦਾ ਸੰਦੇਸ਼ ਦਿੱਤਾ। ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਮਾਜ ਦੇ ਲੋੜਵੰਦ ਵਰਗ ਦੀ ਮਦਦ ਕਰਨਾ ਅਤੇ ਲੋਕਾਂ ਦੀ ਸੇਵਾ ਕਰਨਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਪਿੰਡ ਨਾਥਪੁਰ ਦੀ ਸੰਗਤ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਪਾਵਨ ਵਿਆਹ ਪੁਰਬ ਮੌਕੇ ਲਗਾਇਆ ਗਿਆ ਲੰਗਰ ਅਤੇ ਮੈਡੀਕਲ ਕੈਂਪ ਧਾਰਮਿਕ ਸ਼ਰਧਾ ਦੇ ਨਾਲ-ਨਾਲ ਸਮਾਜ ਸੇਵਾ ਦਾ ਵੀ ਸੁੰਦਰ ਸੁਨੇਹਾ ਦੇ ਗਿਆ। ਇਸ ਮੌਕੇ ਸਮੂਹ ਸੰਗਤ ਨੇ ਗੁਰੂ ਸਾਹਿਬ ਅੱਗੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਵੱਧ ਤੋਂ ਵੱਧ ਸੇਵਾ ਕਰਨ ਦਾ ਸੰਦੇਸ਼ ਦਿੱਤਾ। ਪਿੰਡ ਨਾਥਪੁਰ ਦੀ ਸੰਗਤ ਵੱਲੋਂ ਕੀਤੇ ਇਸ ਉਪਰਾਲੇ ਦੀ ਇਲਾਕੇ ਵਿੱਚ ਸ਼ਲਾਘਾ ਕੀਤੀ ਗਈ ਅਤੇ ਸੇਵਾ ਵਿੱਚ ਸ਼ਾਮਲ ਸਮੂਹ ਸੇਵਾਦਾਰਾਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਧਾਰਮਿਕ ਦਿਹਾੜਿਆਂ ਅਤੇ ਹੋਰ ਮੌਕਿਆਂ 'ਤੇ ਲੋਕ ਭਲਾਈ ਨਾਲ ਸਬੰਧਤ ਅਜਿਹੇ ਸੇਵਾ ਕਾਰਜ ਜਾਰੀ ਰੱਖੇ ਜਾਣਗੇ।

ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜੱਲੂਪੁਰ ਖੈੜੇ ਵਿਖੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਕਰਵਾਏ ਸਮੂਹਿਕ ਅਨੰਦ ਕਾਰ

ਅੰਮ੍ਰਿਤਸਰ 20 ਸਤੰਬਰ (ਰਾਜੇਸ਼ ਡੈਨੀ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਅਗਵਾਈ ਵਿੱਚ ਅੱਜ ਪਿੰਡ ਜੱਲੂਪੁਰ ਖੈੜਾ ਸਥਿਤ ਗੁਰਦੁਆਰਾ ਬਾਬਾ ਸ੍ਰੀ ਕਾਲਾ ਮਹਿਰ ਜੀ ਵਿਖੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਿਕ ਅਨੰਦ ਕਾਰਜ ਕਰਵਾਏ ਗਏ। ਸ਼ੁਰੂਆਤ ਗੁਰਦੁਆਰਾ ਸਾਹਿਬ ਦੇ ਨਾਲ ਲਗਾਏ ਪੰਡਾਲ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਹੋਈ। ਇਸ ਉਪਰੰਤ ਹਜ਼ੂਰੀ ਰਾਗੀਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ ਗਿਆ। ਸਾਰੇ ਜੋੜਿਆਂ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਪੂਰਨ ਸਿੱਖ ਰਹਿਤ ਮਰਿਆਦਾ ਅਨੁਸਾਰ ਅਨੰਦ ਕਾਰਜ ਸੰਪੂਰਨ ਕਰਵਾਏ ਗਏ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਵੱਲੋਂ ਸਾਰੇ ਨਵ-ਵਿਆਹੇ ਪਰਿਵਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਸੁਖੀ ਵਿਆਹੁਤਾ ਜੀਵਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਬੀਬੀ ਹਰਪ੍ਰੀਤ ਕੌਰ, ਅਮਨਦੀਪ ਸਿੰਘ ਡੱਡੂਆਣਾ, ਭਾਈ ਜਸਕਰਨ ਸਿੰਘ ਰਿਆੜ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਜੋਧਬੀਰ ਸਿੰਘ ਜੱਲੂਪੁਰ, ਸ੍ਰ. ਮਨਵਿੰਦਰ ਸਿੰਘ ਕਾਨੂੰਵਾਨ,

ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ ਦੇ ਲਈ ਵਚਨਬੱਧ : ਮੈਂਬਰ ਅਨੁਸੂਚਿਤ ਜਾਤੀ ਕਮਿਸ਼ਨ

ਬਠਿੰਡਾ, 20 ਸਤੰਬਰ (ਰਾਣਾ ਸ਼ਰਮਾ)- ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਸੂਬੇ ਦੇ ਅਨੁਸੂਚਿਤ ਜਾਤੀ ਵਰਗ ਦੀ ਭਲਾਈ ਲਈ ਵਚਨਬੱਧ ਹੈ। ਕਮਿਸ਼ਨ ਵੱਲੋਂ ਵਰਗ ਨਾਲ ਸਬੰਧਿਤ ਮਸਲੇ ਸੁਲਝਾਉਣ ਲਈ ਡਾ. ਭੀਮ ਰਾਓ ਅੰਬੇਡਕਰ ਦੇ ਵਿਚਾਰਾਂ ਨੂੰ ਸਮਰਪਿਤ ਚੇਤਨਾ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਨਾਲ ਗੁਰਤੇਜ ਸਿੰਘ ਜੋਧਪੁਰੀ ਸੂਬਾ ਪ੍ਰਧਾਨ ਦਲਿਤ ਸੈਨਾ ਪੰਜਾਬ, ਹਰਬੰਸ ਸਿੰਘ ਬਠਿੰਡਾ, ਡਾ. ਮੈਂਬਰ ਗੁਲਜ਼ਾਰ ਸਿੰਘ ਬੈਂਬੀ, ਰੁਪਿੰਦਰ ਸਿੰਘ ਸ਼ੀਤਲ ਅਤੇ ਗੁਰਪ੍ਰੀਤ ਸਿੰਘ ਇੱਟਾਂਵਾਲੀ ਨੇ ਅੱਜ ਇਥੇ ਟੀਚਰ ਹੋਮ ਵਿਖੇ ਦਲਿਤ ਸੈਨਾ ਪੰਜਾਬ ਵਲੋਂ ਕਰਵਾਏ ਗਏ ਡਾ. ਭੀਮ ਰਾਓ ਅੰਬੇਡਕਰ ਦੇ ਵਿਚਾਰਾਂ ਨੂੰ ਸਮਰਪਿਤ ਚੇਤਨਾ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਨਾਲ ਗੁਰਤੇਜ ਸਿੰਘ ਜੋਧਪੁਰੀ ਸੂਬਾ ਪ੍ਰਧਾਨ ਦਲਿਤ ਸੈਨਾ ਪੰਜਾਬ, ਹਰਬੰਸ ਸਿੰਘ ਬਠਿੰਡਾ, ਡਾ. ਦੀਵਾਨ ਚੰਦ, ਕੁਲਵੰਤ ਸਿੰਘ ਕਾਲਝਰਾਣੀ ਸੀਨੀਅਰ ਮੀਤ ਪ੍ਰਧਾਨ, ਯੂਥ ਆਗੂ ਅਮਨਦੀਪ ਸਿੰਘ ਸਿਵੀਆਂ, ਹਰਚਰਨ ਸਿੰਘ, ਮਾਸਟਰ ਜੀਤ ਸਿੰਘ, ਗੁਰਤੇਜ ਸਿੰਘ ਕੰਡਿਆਰਾ, ਚਰਨਜੀਤ ਸਿੰਘ, ਨਿਤਿਨ ਭਾਟੀਆ, ਪ੍ਰਧਾਨ ਤਾਰਾ ਚੰਦ ਗੋਨਿਆਣਾ, ਜ਼ਿਲ੍ਹਾ ਸਮਾਜਿਕ ਤੇ ਨਿਆਂਕਾਰਤਾ ਅਫਸਰ ਬਰਿੰਦਰ ਸਿੰਘ ਆਦਿ ਵੀ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਲੁਧਿਆਣਾ ਵਿਖੇ ਬਾਬਾ ਅੰਬੇਦਕਰ ਦੇ ਬੁੱਤ ਨਾਲ ਵਾਪਰੇ ਹਾਦਸੇ ਤੋਂ ਸੂਬੇ ਵਿੱਚ ਜਿੱਥੇ ਵੀ ਬਾਬਾ ਅੰਬੇਦਕਰ ਦੇ ਬੁੱਤ ਲੱਗੇ ਹਨ ਉਨ੍ਹਾਂ ਥਾਵਾਂ ਉੱਤੇ ਸੀ.ਸੀ.ਟੀ.ਵੀ. ਕੈਮਰੇ ਬੁੱਤਾਂ ਦੀ ਨਿਗਰਾਨੀ ਲਈ ਲਗਾਏ ਜਾਣ ।ਇਸ ਮੌਕੇ ਗੁਰਮੇਲ ਸਿੰਘ ਭੋਲੂ ਕਾਲਝਰਾਣੀ, ਚਰਨਜੀਤ ਸਿੰਘ ਰੁਲਦੂ ਵਾਲਾ ਆਦਿ ਮੌਜੂਦ ਸਨ।

ਬਾਲਾ ਜੀ ਦੇ ਜੈਕਾਰਿਆਂ ਨਾਲ ਗੂੰਜੀ ਮੌੜ ਮੰਡੀ, 25ਵੇਂ ਜਾਗਰਨ ਨੂੰ ਸਮਰਪਿਤ ਨਿਸ਼ਾਨ ਰੱਥ ਯਾਤਰਾ

ਸਾਬਕਾ ਐਮਐਲਏ ਜੀਤ ਮਹਿੰਦਰ ਸਿੰਘ ਮੁੱਖ ਮਹਿਮਾਨ

ਮੌੜ ਮੰਡੀ, ਦੇਸ਼ ਪ੍ਰਦੇਸ਼ (ਸੰਦੀਪ ਕੁਮਾਰ) — ਸ੍ਰੀ ਬਾਲਾ ਜੀ ਕੀਰਤਨ ਮੰਡਲ ਮੌੜ ਵੱਲੋਂ 25ਵੇਂ ਵਿਸ਼ਾਲ ਜਾਗਰਨ ਦੇ ਸਬੰਧ ਵਿੱਚ ਅੱਜ ਵਿਸ਼ਾਲ ਹਨੂਮਾਨ ਚਾਲੀਸਾ ਨਿਸ਼ਾਨ ਰੱਥ ਯਾਤਰਾ ਕੱਢੀ ਗਈ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਵਿਧਾਇਕ ਸਰਦਾਰ ਜੀਤ ਮਹਿੰਦਰ ਸਿੰਘ ਸਿੱਧੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਬਾਲਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਸੁੰਦਰ ਰੱਥ, ਧਾਰਮਿਕ ਝਾਕੀਆਂ ਅਤੇ ਬੈਂਡ-ਵਾਜਿਆਂ ਨੇ ਸੰਗਤ ਦਾ ਧਿਆਨ ਖਿੱਚਿਆ। ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਵਾਈਸ ਚੇਅਰਪਰਸਨ ਰੁਪਿੰਦਰ ਕੌਰ ਗਿੱਲ ਨੇ ਵੀ ਬਾਲਾ ਜੀ ਦੇ ਦਰਬਾਰ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ। ਸ਼ਹਿਰ ਵਾਸੀਆਂ ਨੇ ਹੱਥਾਂ ਵਿੱਚ ਬਾਲਾ ਜੀ ਦੇ ਨਿਸ਼ਾਨ ਫੜ ਕੇ ਵੱਡੀ ਗਿਣਤੀ ਵਿੱਚ ਸ਼ੋਭਾ ਯਾਤਰਾ ਵਿੱਚ ਸ਼ਮੂਲੀਅਤ ਕੀਤੀ। ਜੈਕਾਰਿਆਂ ਨਾਲ ਪੂਰੀ ਮੌੜ ਮੰਡੀ ਭਗਤੀ ਰੰਗ ਵਿੱਚ ਰੰਗੀ ਨਜ਼ਰ ਆਈ ।ਇਸ ਮੌਕੇ ਕੌਂਸਲਰ ਪਰਮਜੀਤ ਸਿੰਘ ਸ਼ੰਮੀ ਜੈਲਦਾਰ, ਕਰਮਜੀਤ ਸਿੰਘ ਰਾਣਾ, ਰਾਜਵੀਰ ਸਿੰਘ ਮੱਟੂ, ਸੋਨੀਆ ਰਾਣੀ ਤੋਂ ਇਲਾਵਾ ਸ਼ਹਿਰੀ ਪ੍ਰਧਾਨ ਕੁਲਵੰਤ ਸਿੰਘ, ਰਾਜੇਸ਼ ਜੈਨ ਸਾਬਕਾ ਪ੍ਰਧਾਨ ਨਗਰ ਕੌਂਸਲ ਮੌੜ ਅਤੇ ਕੁਲਵਿੰਦਰ ਸਿੰਘ ਕਿੰਦੀ ਵੀ ਹਾਜ਼ਰ ਸਨ।ਮੰਡਲ ਦੇ ਚੇਅਰਮੈਨ ਤਰਨ ਕੁਮਾਰ ਨਿੱਕਾ ਅਤੇ ਪ੍ਰਧਾਨ ਪਰਦੀਪ ਕੁਮਾਰ ਦੀਪਾ ਨੇ ਦੱਸਿਆ ਕਿ ਰਾਤ ਨੂੰ ਹੋਣ ਵਾਲੇ ਵਿਸ਼ਾਲ ਬਾਲਾ ਜੀ ਜਾਗਰਨ ਦੌਰਾਨ ਹਨੂਮਾਨ ਚਾਲੀਸਾ ਯਾਦ ਕਰਨ ਵਾਲੇ ਬੱਚਿਆਂ ਵਿੱਚੋਂ ਪੰਜ ਸਕੂਟਰੀਆਂ ਲੱਕੀ ਡਰਾਅ ਰਾਹੀਂ ਕੱਢੀਆਂ ਜਾਣਗੀਆਂ।

ਮੋਗਾ ਜ਼ਿਲ੍ਹੇ ਦੇ ਪਿੰਡ ਚੜਿੱਕ 'ਚ 25 ਲੱਖ ਰੁਪਏ ਦੀ ਲਾਗਤ ਨਾਲ ਬਣੇਗਾ ਨਵਾਂ ਕਮਿਊਨਿਟੀ ਹਾਲ : ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ

ਮੋਗਾ, 20 ਸਤੰਬਰ (ਜੁਗਰਾਜ ਸਿੰਘ ਸੰਘਾ): ਮੋਗਾ ਜ਼ਿਲ੍ਹੇ ਦੇ ਪਿੰਡ ਚੜਿੱਕ ਦੇ ਵਸਨੀਕਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਅੱਜ ਮੋਗਾ ਵਿਧਾਨ ਸਭਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਵਿੱਚ 25 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖ ਕੇ ਉਸਾਰੀ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਪਿੰਡ ਦੀਆਂ ਤਿੰਨਾਂ ਪੰਚਾਇਤਾਂ ਦੇ ਨੁਮਾਇੰਦੇ, ਸਰਪੰਚ ਸਾਹਿਬਾਨ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਾ ਉਨ੍ਹਾਂ ਦੀ ਮੁੱਖ ਜ਼ਿੰਮੇਵਾਰੀ ਹੈ। ਵਧਾਇਕ ਡਾ. ਅਰੋੜਾ ਨੇ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਰੱਖੀਆਂ ਜਾ ਰਹੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਨਿਰੰਤਰ ਅੱਗੇ ਵਧਾਉਂਦਿਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸ ਮੌਕੇ ਪੰਚਾਇਤ ਨੁਮਾਇੰਦਿਆਂ ਅਤੇ ਪਿੰਡ ਵਾਸੀਆਂ ਨੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਮਿਊਨਿਟੀ ਹਾਲ ਬਣਨ ਨਾਲ ਪਿੰਡ ਵਿੱਚ ਹੋਣ ਵਾਲੇ ਸਾਂਝੇ ਸਮਾਗਮਾਂ ਲਈ ਇੱਕ ਢੁਕਵੀਂ ਥਾਂ ਉਪਲਬਧ ਹੋਵੇਗੀ।

ਫਰਦ ਕੇਂਦਰ ਕੰਪਿਊਟਰ ਆਪਰੇਟਰ ਐਸੋਸੀਏਸ਼ਨ ਜ਼ਿਲ੍ਹਾ ਟੀਮ ਦਾ ਗਠਨ

ਅਮਰਗੜ੍ਹ 20 ਸਤੰਬਰ (ਵਰਿੰਦਰ ਗਿੱਲ) ਅੱਜ ਫਰਦ ਕੇਂਦਰ ਕੰਪਿਊਟਰ ਆਪਰੇਟਰ ਐਸੋਸੀਏਸ਼ਨ ਪੰਜਾਬਦੀ ਇੱਕ ਸਾਂਝੀ ਮੀਟਿੰਗ ਮਾਲੇਰਕੋਟਲਾ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਸੂਬਾ ਵਾਈਸ ਪ੍ਰਧਾਨ ਬਲਜਿੰਦਰ ਸਿੰਘ ਸੋਨੀ ਜ਼ਿਲ੍ਹਾ ਪੱਧਰੀ ਆਗੂਆਂ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਜ਼ਿਲ੍ਹਾ ਪ੍ਰਧਾਨ ਅਤੇ ਫਰਦ ਕੇਂਦਰ ਕੰਪਿਊਟਰ ਆਪਰੇਟਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਇਸ ਮੌਕੇ ਫਰਦ ਕੇਂਦਰ ਕੰਪਿਊਟਰ ਆਪਰੇਟਰ ਐਸੋਸੀਏਸ਼ਨ ਜ਼ਿਲ੍ਹਾ ਮਲੇਰਕੋਟਲਾ ਦੀ ਨਵੀਂ ਟੀਮ ਦਾ ਗਠਨ ਕੀਤਾ ਗਿਆ। ਜਿਸ ਵਿੱਚ ਰਣਵੀਰ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ, ਖੁਸ਼ਪਾਲ ਸਿੰਘ ਨੂੰ ਮੀਤ ਪ੍ਰਧਾਨ, ਮੁਹੰਮਦ ਸ਼ਹਿਜ਼ਾਦ ਨੂੰ ਜਨਰਲ ਸਕੱਤਰ, ਸੁਖਵਿੰਦਰ ਸਿੰਘ ਨੂੰ ਖਜ਼ਾਨਚੀ, ਅਤਿੰਦਰਪਾਲ ਸਿੰਘ ਨੂੰ ਪ੍ਰੈਸ ਸਕੱਤਰ, ਜਸਪਾਲ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਤੋਂ ਇਲਾਵਾ ਹੋਰ ਮੈਂਬਰਾਂ ਦੀ ਵੀ ਚੋਣ ਕੀਤੀ ਗਈ। ਮੀਟਿੰਗ ਦੌਰਾਨ ਫਰਦ ਕੇਂਦਰ ਕੰਪਿਊਟਰ ਆਪਰੇਟਰਾਂ ਦੀਆਂ ਜਾਇਜ਼ ਮੰਗਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ, ਆਗੂਆਂ ਨੇ ਕਿਹਾ ਕਿ ਫਰਦ ਕੇਂਦਰ ਕੰਪਿਊਟਰ ਆਪਰੇਟਰ ਲੰਬੇ ਸਮੇਂ ਤੋਂ ਮਾਲ ਵਿਭਾਗ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਇਸ ਦੇ ਬਾਵਜੂਦ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲੰਬੇ ਸਮੇਂ ਤੋਂ ਅਣਗੌਲਿਆ ਕੀਤਾ ਜਾ ਰਿਹਾ ਹੈ।



ਬੋਲਾਰਿਆ ਨੇ ਬੋਲਦੇ ਹੋਏ ਕਿਹਾ, ਕੀ ਅਗਰ ਸਾਡੀਆਂ ਜਾਇਜ ਮੰਗਾ ਨਾ ਮੰਨੀਆਂ ਗਈਆਂ ਤਾਂ ਮਜਬੂਰਨ ਸਾਨੂੰ ਸੰਘਰਸ਼ ਦਾ ਰਾਹ ਚੁਣਨਾ ਪਵੇਗਾ। ਇਸ ਮੌਕੇ ਜ਼ਿਲ੍ਹਾ ਸੰਗਰੂਰ ਵਾਈਸ ਪ੍ਰਧਾਨ ਬਿਕਰਮਜੀਤ ਸਿੰਘ, ਰਾਜਵਿੰਦਰ ਸਿੰਘ ਰਾਜ, ਅਲੀ ਅਕਬਰ, ਗਗਨਦੀਪ ਸਿੰਘ, ਪਰਮਿੰਦਰ ਕੌਰ, ਇੰਦਰਦੀਪ ਸਿੰਘ ਅਤੇ ਗੁਰਕੀਰਤ ਸਿੰਘ ਅਤੇ ਵੱਖ-ਵੱਖ ਜ਼ਿਲ੍ਹਿਆਂ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਪੱਧਰੀ ਆਗੂ ਮਲੇਰਕੋਟਲਾ ਜ਼ਿਲ੍ਹੇ ਦੇ ਵੱਡੀ ਗਿਣਤੀ ਵਿੱਚ ਫਰਦ ਕੇਂਦਰ ਕੰਪਿਊਟਰ ਆਪਰੇਟਰ ਹਾਜ਼ਰ ਸਨ।

ਪੱਤਰਕਾਰ ਬਲਦੇਵ ਰਾਜ ਸ਼ਰਮਾ ਦੀ ਮਾਤਾ ਦਾ ਦੇਹਾਂਤ ਹੋਣ ਤੇ ਵੱਖ ਵੱਖ ਆਗੂਆਂ ਨੇ ਕੀਤਾ ਦੁੱਖ ਸਾਂਝਾ

ਫਿਰੋਜ਼ਪੁਰ 20 ਸਤੰਬਰ (ਪਰੇਸ਼ ਕੁਮਾਰ ਡਿੰਪੀ)ਮਮਦੋਟ ਦੇ ਸੀਨੀਅਰ ਪੱਤਰਕਾਰ ਅਤੇ ਪੰਜਾਬ ਐਡ ਚੰਡੀਗ ?ਹੜ ਜਰਨਲਿਸਟ ਯੂਨੀਅਨ ਦੇ ਸੂਬਾ ਕਮੇਟੀ ਦੇ ਮੈਂਬਰ ਬਲਦੇਵ ਰਾਜ ਸ਼ਰਮਾਂ ਚੈਅਰਮੈਨ ਬ੍ਰਾਹਮਣ ਭਲਾਈ ਬੋਰਡ ਹਲਕਾ ਫਿਰੋਜਪੁਰ ਦਿਹਾਤੀ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ ਜਦੋਂ ਉਹਨਾਂ ਦੇ ਮਾਤਾ ਦਰਸ਼ਨਾਂ ਰਾਣੀ (85 ਸਾਲ) ਦਾ ਦੇਹਾਂਤ ਹੋ ਗਿਆ ।। ਇਸ ਮੌਕੇ ਤੇ ਵੱਖ ਵੱਖ ਧਾਰਮਿਕ , ਸਮਾਜਸੇਵੀ , ਰਾਜਨੀਤਿਕ ਅਤੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਅਤੇ ਪਤਵੰਤਿਆਂ ਨੇ ਮਾਤਾ ਜੀ ਦੇ ਅਕਾਲ ਚਲਾਨਾ ਕਰ ਜਾਣ ਤੇ ਤਰਸੇਮ ਲਾਲ ਸ਼ਰਮਾਂ, ਬਲਦੇਵ ਰਾਜ ਸ਼ਰਮਾਂ (ਪੱਤਰਕਾਰ), ਪ੍ਰੇਮ ਚੰਦ ਸ਼ਰਮਾਂ ਅਤੇ ਸੁਖਦੇਵ ਰਾਜ ਸ਼ਰਮਾਂ ਨਾਲ ਦੁੱਖ ਸਾਂਝਾ ਕੀਤਾ । ਇਸ ਮੌਕੇ ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਹਲਕਾ ਫਿਰੋਜਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਕੁਮਾਰ ਦਹੀਆ, ਚੈਅਰਮੈਨ ਬਲਰਾਜ ਸਿੰਘ ਸੰਧੂ , ਮੇਜਰ ਸਿੰਘ ਮੈਬਰ ਜਿਲ੍ਹਾ ਪ੍ਰੀਸ਼ਦ , ਫਿਰੋਜਪੁਰ ਦਿਹਾਤੀ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਆਸ਼ੂ ਬੰਗੜ , ਭਾਜਪਾ ਦੇ ਸੀਨੀਅਰ ਆਗੂ ਅਨੁਮੀਤ ਹੀਰਾ ਸੋਢੀ , ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਜ਼ਿੰਦੂ , ਵਰਦੇਵ ਸਿੰਘ ਨੋਨੀ ਮਾਨ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਗੁਰੂਹਰਸਹਾਏ, ਰਮਿੰਦਰ ਆਵਲਾ ਸਾਬਕਾ ਵਿਧਾਇਕ , ਨਾਇਬ ਤਹਿਸੀਲਦਾਰ ਰਮੇਸ਼ ਕੁਮਾਰ ਢੀਗੜਾ, ਸੀਨੀਅਰ ਅਕਾਲੀ ਆਗੂ ਪਵਨ ਕੁਮਾਰ ਦੁੱਗਲ, ਅਕਾਲੀ ਆਗੂ ਸ਼ਾਮ ਲਾਲ ਮਹਿਤਾ , ਬੋਹੜ ਸਿੰਘ ਚੱਕ ਰਾਉ ਕੇ , ਬਲਵਿੰਦਰ ਜੰਮੂ ਪ੍ਰਧਾਨ ਇੰਡੀਅਨ ਜਰਨਲਿਸਟ ਯੂਨੀਅਨ, ਜੈ ਸਿੰਘ ਛਿੱਬਰ ਪੰਜਾਬ ਪ੍ਰਧਾਨ ਪੰਜਾਬ ਐਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਫਿਰੋਜਪੁਰ ਦਿਹਾਤੀ ਪ੍ਰੈਸ ਕਲੱਬ ਦੇ ਪ੍ਰਧਾਨ ਜਸਵੰਤ ਸਿੰਘ ਥਿੰਦ, ਪ੍ਰੈਸ ਕਲੱਬ ਮਮਦੋਟ ਦੇ ਪ੍ਰਧਾਨ ਤਜਿੰਦਰ ਪਾਲ ਢੀਗੜਾ, ਜਸਬੀਰ ਸਿੰਘ ਚੈਅਰਮੈਨ ਪ੍ਰੈਸ ਕਲੱਬ ਫਿਰੋਜਪੁਰ ਦਿਹਾਤੀ, ਗੁਰਪ੍ਰੀਤ ਸਿੰਘ ਪੱਤਰਕਾਰ , ਸੰਜੀਵ ਮਦਾਨ ਪੱਤਰਕਾਰ , ਰਵਿੰਦਰ ਸਿੰਘ ਕਾਲਾ (ਪੱਤਰਕਾਰ), ਦੀਪਕ ਭੋਲੇਵਾਸੀਆ, ਹੇਮਨ ਧਵਨ, ਬੋਬੀ ਧਵਨ, ਹਰਪਾਲ ਸਿੰਘ ਸੋਢੀ, ਅਤੇ ਮੋਨੂੰ ਮਹਿਤਾ, ਭਗਵਾਨ ਦਾਸ ਸ਼ਰਮਾਂ, ਜੰਗੀਰ ਸਿੰਘ ਹਜਾਰਾ ਸਿੰਘ ਵਾਲਾ, ਸ਼ਾਮ ਲਾਲ ਭੋਲੇਵਾਸੀਆ ਪ੍ਰਧਾਨ ਸ੍ਰੀ ਕ੍ਰਿਸ਼ਨਾਂ ਗਊਸ਼ਾਲਾ ਮਮਦੋਟ , ਸੁਭਾਸ਼ ਚੰਦਰ ਧਵਨ ਸਾਬਕਾ ਸਰਪੰਚ, ਸੰਦੀਪ ਕੁਮਾਰ (ਰਿਕੂ ਚਾਵਲਾ) ਪ੍ਰਧਾਨ ਦੇਵੀ ਦੁਆਰਾ ਮੰਦਿਰ ਕਮੇਟੀ ਅਤੇ ਸਮੂਹ ਨੌਜਵਾਨ ਸਭਾ ਆਦਿ ਆਗੂਆਂ ਨੇ ਬਲਦੇਵ ਰਾਜ ਸ਼ਰਮਾਂ ਦੇ ਸਮੂਹ ਪਰਿਵਾਰ ਨਾਲ ਮਾਤਾ ਜੀ ਦੇ ਅਕਾਲ ਚਲਾਨਾ ਕਰ ਜਾਣ ਤੇ ਦੁੱਖ ਦਾ ਪ੍ਰਗਟਾਵਾ ਕੀਤਾ ।

ਸਫ਼ਾ ਇੱਕ ਦੀਆਂ ਬਾਕੀ....

ਮਾਸਕੋ 'ਤੇ ਯੂਕਰੇਨ.....

ਸ਼ਾਮਲ ਸਨ। ਮਾਸਕੋ ਖੇਤਰ ਦੇ ਗਵਰਨਰ ਨੇ ਦੱਸਿਆ ਕਿ ਹਮਲੇ ਨਾਲ ਵੱਖ-ਵੱਖ ਥਾਵਾਂ 'ਤੇ ਲੋਕਾਂ ਅਤੇ ਇਮਾਰਤਾਂ ਨੂੰ ਨੁਕਸਾਨ ਹੋਇਆ। ਰੂਸੀ ਅਧਿਕਾਰੀਆਂ ਅਨੁਸਾਰ ਮਾਸਕੋ ਖੇਤਰ ਵਿੱਚ ਦੋ ਲੋਕਾਂ ਦੀ ਮੌਤ ਹੋਈ। ਐਸੋਸੀਏਟਡ ਪ੍ਰੈਸ ਨੇ ਛੇ ਲੋਕਾਂ ਦੇ ਜ਼ਖ਼ਮੀ ਹੋਣ ਦੀ ਜਾਣਕਾਰੀ ਦਿੱਤੀ ਹੈ, ਜਦਕਿ ਹੋਰ ਰਿਪੋਰਟਾਂ ਵਿੱਚ ਜ਼ਖ਼ਮੀਆਂ ਦੀ ਗਿਣਤੀ ਵੱਧ ਦੱਸੀ ਗਈ ਹੈ। ਇਸ ਲਈ ਜ਼ਖ਼ਮੀਆਂ ਦਾ ਅੰਤਿਮ ਅੰਕੜਾ ਹਾਲੇ ਸਪੱਸ਼ਟ ਨਹੀਂ ਹੈ। ਇਹ ਹਮਲਾ ਰੂਸ ਦੀਆਂ ਸੰਸਦੀ ਚੋਣਾਂ ਦੇ ਆਖ਼ਰੀ ਦਿਨ ਹੋਇਆ ਹੈ। ਮਾਸਕੋ ਦੇ ਮੇਅਰ ਸਰਗੇਈ ਸੋਬਿਆਨਿਨ ਨੇ ਦੋਸ਼ ਲਾਇਆ ਕਿ ਹਮਲੇ ਦਾ ਮਕਸਦ ਚੋਣ ਪ੍ਰਕਿਰਿਆ ਵਿੱਚ ਵਿਘਨ ਪਾਉਣਾ ਸੀ। ਰਿਪੋਰਟਾਂ ਅਨੁਸਾਰ ਡਰੋਨ ਹਮਲਿਆਂ ਕਾਰਨ ਮਾਸਕੋ ਆਉਣ-ਜਾਣ ਵਾਲੀਆਂ ਉਡਾਣਾਂ ਪ੍ਰਭਾਵਿਤ ਹੋਈਆਂ ਅਤੇ ਸੁਰੱਖਿਆ ਕਾਰਨਾਂ ਕਰਕੇ ਕੁਝ ਸਮੇਂ ਲਈ ਹਵਾਈ ਆਵਾਜਾਈ 'ਤੇ ਰੋਕ ਲਗਾਈ ਗਈ। ਮਾਸਕੋ 'ਤੇ ਹੋਇਆ ਇਹ ਹਮਲਾ ਦਿਖਾਉਂਦਾ ਹੈ ਕਿ ਰੂਸ-ਯੂਕਰੇਨ ਜੰਗ ਵਿੱਚ ਦੂਰ ਤੱਕ ਮਾਰ ਕਰਨ ਵਾਲੇ ਡਰੋਨਾਂ ਦੀ ਭੂਮਿਕਾ ਲਗਾਤਾਰ ਵਧ ਰਹੀ ਹੈ। ਯੂਕਰੇਨ ਰੂਸ ਦੇ ਅੰਦਰ ਮਹੱਤਵਪੂਰਨ ਊਰਜਾ ਅਤੇ ਉਦਯੋਗਿਕ ਢਾਂਚਿਆਂ ਨੂੰ ਨਿਸ਼ਾਨਾ ਬਣਾਉਣ ਦੀ ਸਮਰੱਥਾ ਵਧਾਉਣ ਦੀ ਕੋਸ਼ਿਸ਼ ਕਰ ਰਿਹਾ ਹੈ, ਜਦਕਿ ਰੂਸ ਯੂਕਰੇਨ ਦੇ ਸ਼ਹਿਰਾਂ ਅਤੇ ਢਾਂਚਿਆਂ 'ਤੇ ਵੱਡੇ ਪੱਧਰ 'ਤੇ ਹਵਾਈ ਹਮਲੇ ਕਰ ਰਿਹਾ ਹੈ ਇਸ ਹਮਲੇ ਦਾ ਪੂਰਾ ਨੁਕਸਾਨ ਅਜੇ ਸਾਹਮਣੇ ਨਹੀਂ ਆਇਆ।

ਸੀਐਮ ਮਾਨ ਨੇ .....

ਨਾਲ ਹੀ ਪਾਰਟੀ ਵੱਲੋਂ ਮੈਂਬਰਸ਼ਿਪ ਮੁਹਿੰਮ ਵੀ ਚਲਾਈ ਜਾ ਰਹੀ ਹੈ। ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਮੁਹਿੰਮ ਦਾ ਐਲਾਨ ਕਰਦਿਆਂ ਕਿਹਾ ਸੀ ਕਿ ਸਰਕਾਰ ਵੱਲੋਂ ਕੀਤੇ ਕੰਮਾਂ ਨੂੰ ਪਾਰਟੀ ਦੇ

ਕ੍ਰਿਕੇਟ ਅੰਡਰ 14 ਸਾਲ 'ਚ ਪਟਿਆਲਾ ਦੀ ਟੀਮ ਲੁਧਿਆਣਾ ਨੂੰ 8 ਦੌੜਾਂ ਨਾਲ ਹਰਾ ਕੇ ਬਣੀ ਚੈਂਪੀਅਨ

ਬਰਨਾਲਾ, 19 ਸਤੰਬਰ (ਅਵਤਾਰ ਸਿੰਘ ਫਰਵਾਹੀ): ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਸੁਨੀਤਇੰਦਰ ਸਿੰਘ ਗਿੱਲ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਡਾ. ਬਰਜਿੰਦਰਪਾਲ ਸਿੰਘ ਦੀ ਅਗਵਾਈ ਹੇਠ ਸੈਕਰਡ ਹਾਰਟ ਗਰੁੱਪ ਧਨੌਲਾ ਅਤੇ ਟਰਾਈਡੈਟ ਗਰੁੱਪ ਬਰਨਾਲਾ ਵਿਖੇ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਈਆਂ 70ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਕ੍ਰਿਕੇਟ ਅੰਡਰ 14 ਵਿੱਚ ਪਟਿਆਲਾ ਦੀ ਟੀਮ ਨੇ ਲੁਧਿਆਣਾ ਨੂੰ 8 ਦੌੜਾਂ ਨਾਲ ਹਰਾ ਕੇ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ ਹੈ। ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕਰਨ ਲਈ ਸਾਬਕਾ ਡੀਈਓ (ਸੈ.ਸਿੱ.) ਬਰਨਾਲਾ ਸਰਬਜੀਤ ਸਿੰਘ ਤੂਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਖਿਡਾਰੀਆਂ ਵੱਲੋਂ ਦਿਖਾਈ ਗਈ ਖੇਡ ਭਾਵਨਾ ਦੀ ਪ੍ਰਸ਼ੰਸਾ ਕੀਤੀ। ਡੀ ਐਮ ਸਪੋਰਟਸ ਸਿਮਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਪਟਿਆਲਾ ਅਤੇ ਲੁਧਿਆਣਾ ਵਿਚਕਾਰ ਹੋਏ ਫਾਈਨਲ ਮੁਕਾਬਲੇ ਵਿੱਚ ਪਟਿਆਲਾ ਦੀ ਟੀਮ 8 ਦੌੜਾਂ ਨਾਲ ਜੇਤੂ ਰਹੀ। ਲੁਧਿਆਣਾ ਦੀ ਟੀਮ ਨੇ ਟਾਸ ਹਾਰ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਪਟਿਆਲਾ ਦੀ ਟੀਮ ਨੇ ਨਿਰਧਾਰਿਤ 20 ਓਵਰਾਂ ਵਿੱਚ 8 ਵਿਕਟਾਂ ਗੁਆ ਕੇ 113 ਦੌੜਾਂ ਬਣਾਈਆਂ ਸਨ। ਜਵਾਬ ਵਿੱਚ ਲੁਧਿਆਣਾ ਦੀ ਟੀਮ ਨਿਰਧਾਰਿਤ ਓਵਰਾਂ ਵਿੱਚ 8 ਵਿਕਟਾਂ ਗੁਆ ਕੇ ਸਿਰਫ 105 ਦੌੜਾਂ ਹੀ ਬਣਾ ਸਕੀ। ਅੰਮ੍ਰਿਤਸਰ ਅਤੇ ਮਾਲੇਰਕੋਟਲਾ ਵਿਚਕਾਰ ਤੀਸਰੇ ਸਥਾਨ ਲਈ ਹੋਏ ਸੰਘਰਸ਼ਪੂਰਨ ਮੈਚ ਵਿੱਚ ਮਾਲੇਰਕੋਟਲਾ ਨੇ 4 ਦੌੜਾਂ ਨਾਲ ਜਿੱਤ ਹਾਸਲ ਕੀਤੀ। ਮਾਲੇਰਕੋਟਲਾ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 8 ਵਿਕਟਾਂ ਗੁਆ ਕੇ 116 ਦੌੜਾਂ ਬਣਾਈਆਂ ਸਨ। ਇਸ ਦੇ ਜਵਾਬ ਵਿੱਚ ਅੰਮ੍ਰਿਤਸਰ ਦੀ ਟੀਮ 16 ਓਵਰਾਂ ਵਿੱਚ 5 ਵਿਕਟਾਂ ਗੁਆ ਕੇ 112 ਦੌੜਾਂ ਹੀ ਬਣਾ ਸਕੀ। ਇਸ ਮੌਕੇ ਹੈਡ ਮਾਸਟਰ ਜਸਵਿੰਦਰ ਸਿੰਘ, ਹੈਡ ਮਾਸਟਰ ਰਾਜੇਸ਼ ਕੁਮਾਰ, ਹੈਡ ਮਾਸਟਰ ਪ੍ਰਦੀਪ ਕੁਮਾਰ, ਦਿਨੇਸ਼ ਕੁਮਾਰ, ਅਰਸ਼ਦੀਪ ਸਿੰਘ, ਸਵਰਨਜੀਤ ਕੌਰ, ਹਰਜਿੰਦਰ ਕੌਰ, ਤਰਪਿੰਦਰ ਸਿੰਘ, ਅਮਨਿੰਦਰ ਸਿੰਘ, ਸੁਖਵਿੰਦਰ ਸਿੰਘ, ਅਮਿਤ ਕੁਮਾਰ, ਰੋਹਨ, ਪਰਮਜੀਤ ਕੌਰ, ਕੁਲਵਿੰਦਰ ਕੌਰ, ਅਮਨਦੀਪ ਕੌਰ, ਰਵਿੰਦਰ ਕੌਰ, ਰਾਜਵਿੰਦਰ ਕੌਰ, ਰਮਨਜੀਤ ਕੌਰ, ਮੁੱਕੋ ਕੌਰ, ਕਿਰਨਦੀਪ ਕੌਰ, ਜਸਪ੍ਰੀਤ ਕੌਰ, ਜਸਪ੍ਰੀਤ ਸਿੰਘ ਸਮੇਤ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਹੋਏ ਟੀਮ ਇੰਚਾਰਜ, ਕੋਚ ਅਤੇ ਖਿਡਾਰੀ ਮੌਜੂਦ ਸਨ।

ਗੁੱਗਾ ਨੌਮੀ 3 ਰੋਜ਼ਾ ਸੁਖੇਵਾਲ ਖੇਡ ਮੇਲਾ 2026 ਸ਼ੁਰੂ, ਪੰਚਾਇਤ ਵੱਲੋਂ ਕੀਤਾ ਉਦਘਾਟਨ

ਨਾਭਾ, 20 ਸਤੰਬਰ (ਰਾਕੇਸ਼ ਜਿੰਦਲ ਸ਼ੁਭਮ ਜਿੰਦਲ): ਹਲਕਾ ਨਾਭਾ ਦੇ ਪਿੰਡ ਸੁਖੇਵਾਲ ਵਿਖੇ ਹਰ ਸਾਲ ਦੀ ਤਰ੍ਹਾਂ ਗੁੱਗਾ ਨੌਮੀ ਸਪੋਰਟਸ ਐਂਡ ਵੈਲਫੇਅਰ ਸੁਸਾਇਟੀ ਵੱਲੋਂ ਕਰਵਾਇਆ ਜਾਣ ਵਾਲਾ ਤਿੰਨ ਰੋਜ਼ਾ ਖੇਡ ਮੇਲਾ ਅੱਜ ਸ਼ੁਰੂ ਹੋ ਗਿਆ ਹੈ ਇਸ ਖੇਡ ਮੇਲੇ ਦਾ ਉਦਘਾਟਨ ਸੂਬਾ ਜਨਰਲ ਸਕੱਤਰ ਐਸ ਸੀ. ਵਿਭਾਗ ਕਾਂਗਰਸ ਕੁਲਵਿੰਦਰ ਸਿੰਘ ਸੁਖੇਵਾਲ, ਸਮਾਜ ਸੇਵੀ ਪਰਮਜੀਤ ਕੌਰ ਬਾਜਵਾ,ਅਤੇ ਸਰਪੰਚ ਕੋਮਲਜੀਤ ਕੌਰ ਵੱਲੋਂ ਕੀਤਾ ਗਿਆ ਇਸ ਮੌਕੇ ਕੁਲਵਿੰਦਰ ਸਿੰਘ ਸੁਖੇਵਾਲ ਨੇ ਦੱਸਿਆ ਕਿ ਅੱਜ ਪਹਿਲੇ ਦਿਨ ਕਬੱਡੀ ਟੂਰਨਾਮੈਂਟ ਦੀ ਸ਼ੁਰੂਆਤ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਟੀਮਾਂ ਨੇ ਭਾਗ ਲਿਆ। 21 ਸਤੰਬਰ ਨੂੰ ਫਾਈਨਲ ਕਬੱਡੀ ਮੈਚ ਹੋਣਗੇ ਅਤੇ ਜੇਤੂ ਟੀਮਾਂ ਨੂੰ ਨਕਦ ਇਨਾਮ ਦਿੱਤੇ ਜਾਣਗੇ ਉਨ੍ਹਾਂ ਦੱਸਿਆ ਕਿ 22 ਸਤੰਬਰ ਨੂੰ ਆਖਰੀ ਦਿਨ ਇੱਕ ਵਿਸ਼ਾਲ ਕੁਸ਼ਤੀ ਦੰਗਲ ਕਰਵਾਇਆ ਜਾਵੇਗਾ, ਜਿਸ ਵਿੱਚ ਦੇਸ਼-ਵਿਦੇਸ਼ ਤੋਂ ਨਾਮੀ ਪਹਿਲਵਾਨ ਪਹੁੰਚ ਕੇ ਆਪਣੇ ਜੌਹਰ ਦਿਖਾਉਣਗੇ। ਜੇਤੂ ਪਹਿਲਵਾਨਾਂ ਨੂੰ ਅਸ਼ੀਰਵਾਦ ਦੇਣ ਲਈ ਡਾ. ਧਰਮਵੀਰ ਗਾਂਧੀ ਜੀ, ਮੈਂਬਰ ਪਾਰਲੀਮੈਂਟ, ਪਟਿਆਲਾ ਤੋਂ ਇਲਾਵਾ ਹੋਰ ਨਾਮਵਰ ਸ਼ਖਸੀਅਤਾਂ ਇਸ ਖੇਡ ਮੇਲੇ ਵਿੱਚ ਸ਼ਿਰਕਤ ਕਰਨਗੀਆਂ ।ਇਸ ਮੌਕੇ ਉਨ੍ਹਾਂ ਦੇ ਨਾਲ ਐਮ ਸਮੀਨਾ ਬੇਗਮ,ਅਮਰਜੀਤ ਸਿੰਘ ਘੱਗਾ ਜੀ, ਵਾਈਸ ਪ੍ਰਧਾਨ ਡੀ . ਸੀ . ਸੀ . ਪਟਿਆਲਾ,ਸਲੀਮ ਰਾਜਾ ਮੈਡੀਕਲ ਹਾਲ, ਜਗਜੀਵਨ ਸਿੰਘ ਸੁਖੇਵਾਲ, ਜਗਸੀਰ ਸਿੰਘ ਪੰਚ, ਹਰਦੀਪ ਸਿੰਘ ਲਾਡੀ, ਗੁਰਪ੍ਰੀਤ ਸਿੰਘ ਸੁਖੇਵਾਲ ਅਤੇ ਧਨਵੰਤ ਸਿੰਘ ਪੰਚ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀਆਂ ਨੇ ਕਬੱਡੀ ਦਾ ਅਨੰਦ ਮਾਣਿਆ।

28ਵੇਂ ਗੁੱਗਾ ਨੌਮੀ ਕਬੱਡੀ ਖੇਡ ਮੇਲੇ ਵਿੱਚ ਪਹੁੰਚੇ ਵਿਧਾਇਕ ਦੇਵ ਮਾਨ

ਨਾਭਾ, 20 ਸਤੰਬਰ (ਸ਼ੁਭਮ ਜਿੰਦਲ ਰਾਕੇਸ਼ ਜਿੰਦਲ): ਪਿੰਡ ਰੰਨੋ ਤੇ ਹਕੀਮਪੁਰਾ ਵਿਖੇ 28ਵਾਂ ਗੁੱਗਾ ਨੌਮੀ ਕਬੱਡੀ ਖੇਡ ਮੇਲਾ ਕਰਵਾਇਆ ਗਿਆ, ਜਿਸ ਵਿੱਚ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਕਬੱਡੀ ਦੇ ਮੁਕਾਬਲਿਆਂ ਦਾ ਆਨੰਦ ਮਾਣਿਆ ਅਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਵਿਧਾਇਕ ਦੇਵ ਮਾਨ ਦਾ ਪਿਆਰ, ਸਤਿਕਾਰ ਅਤੇ ਮਾਣ-ਸਨਮਾਨ ਕਰਨ ਲਈ ਉਨ੍ਹਾਂ ਨੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਇਸ ਮੌਕੇ ਉਨਾਂ ਦੇ ਨਾਲ ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ, ਸੁਰਿੰਦਰ ਸਿੰਘ ਸਰਪੰਚ , ਹਰਵਿੰਦਰ ਕੌਰ ਸਰਪੰਚ ਹਕੀਮ ਪੁਰਾ , ਸੈਕੀ ਸਿੰਗਲਾ ਪ੍ਰਧਾਨ, ਸੋਨੂ ਸੂਦ ਕੋਸਲਰ, ਗੁਰਦੀਪ ਸਿੰਘ ਟਿਵਾਣਾ ਚੇਅਰਮੈਨ, ਸੁਖਦੀਪ ਸਿੰਘ ਖਹਿਰਾ, ਜਸਵੀਰ ਸਿੰਘ ਵਜੀਦਪੁਰ, ਸਿਮਰਨ ਅੜਕ ਚੌਹਾਨ, ਮਨਦੀਪ ਸਿੰਘ ਰਾਜਪੁਰਾ, ਬਲਵੀਰ ਸਿੰਘ ਖੱਟੜਾ, ਅਮਨਦੀਪ ਸਿੰਘ ਸਰਪੰਚ ਕੋਟ ਕਲਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ ।

ਖੁੱਡੀਆਂ ਵੱਲੋਂ 'ਇਨਵੈਸਟ ਪੰਜਾਬ' ਤਹਿਤ ਮੌਰਗਨ ਕਰਾਸਿੰਗ ਵਿਖੇ ਵਿਸ਼ਵ ਪ੍ਰਸਿੱਧ ਅਮਰੀਕਨ ਫਾਸਟ-ਫੂਡ ਰੈਸਟੋਰੈਂਟ ਦਾ ਉਦਘਾਟਨ

ਲੁਧਿਆਣਾ, 20 ਸਤੰਬਰ (ਸੂਰਜ): ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਸਥਾਨਕ ਸਾਊਥ ਬਾਈਪਾਸ, ਕਨਾਲ ਰੋਡ 'ਤੇ ਸਥਿਤ ਮੌਰਗਨ ਕਰਾਸਿੰਗ ਵਿਖੇ ਇੱਕ ਵਿਸ਼ਵ ਪ੍ਰਸਿੱਧ ਅਮਰੀਕਨ ਫਾਸਟ-ਫੂਡ ਰੈਸਟੋਰੈਂਟ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਮੌਰਗਨ ਕਰਾਸਿੰਗ ਦੇ ਮਾਲਕ ਕਰਨਲ ਹਰਬੰਤ ਸਿੰਘ ਕਾਹਲੋਂ ਅਤੇ ਰਿੰਕੀ ਕਾਹਲੋਂ ਵੀ ਮੌਜੂਦ ਸਨ। ਕੈਬਨਿਟ ਮੰਤਰੀ ਖੁੱਡੀਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ ਦੇ ਚਲਦਿਆਂ ਸੂਬੇ ਵਿੱਚ ਉਦਯੋਗ ਨੂੰ ਹੁਲਾਰਾ ਦੇਣ ਦੇ ਮੰਤਵ ਨਾਲ ਇਨਵੈਸਟ ਪੰਜਾਬ ਤਹਿਤ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਉੱਘੀਆਂ ਕੰਪਨੀਆਂ ਦੇ ਨਾਲ ਰਾਬਤਾ ਕਰਕੇ ਪੰਜਾਬ ਵਿੱਚ ਨਿਵੇਸ਼ ਕੀਤਾ ਜਾ ਰਿਹਾ ਹੈ, ਇਹ ਇਸੇ ਲੜੀ ਦਾ ਹਿੱਸਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਦੀ ਵਿਸ਼ੇਸ਼ ਪਹਿਲਕਦਮੀ ਤਹਿਤ, ਹਲਕਾ ਗਿੱਲ ਅਧੀਨ ਦਸੰਬਰ, 2023 ਵਿੱਚ ਪਹਿਲੇ ਇਨਵੈਸਟਰ ਪ੍ਰੋਜੈਕਟ ਤਹਿਤ ਰਿਟਾਇਰਡ ਕਰਨਲ ਹਰਬੰਤ ਸਿੰਘ ਕਾਹਲੋਂ ਦੀ ਅਗਵਾਈ ਵਿੱਚ ਕਾਹਲੋਂ ਡਿਵੈਲਪਰਜ ਵਲੋਂ ਸਿੱਧਵਾਂ ਨਹਿਰ 'ਤੇ ਮੌਰਗਨ ਕਰੋਸਿੰਗ ਲਈ ਇੱਕ ਨਵੇਂ ਪੁੱਲ ਦੀ ਸ਼ੁਰੂਆਤ ਕੀਤੀ ਗਈ ਜਿਸ 'ਤੇ ਕਰੀਬ ਢਾਈ ਕਰੋੜ ਰੁਪਏ ਖਰਚ ਕੀਤੇ ਗਏ। ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਨਵੈਸਟ ਪੰਜਾਬ ਤਹਿਤ ਲੁਹਾਰਾ ਨਜ਼ਦੀਕ ਮੌਰਗਨ ਕਰੋਸਿੰਗ ਵਿਖੇ ਕਈ ਵੱਡੀਆਂ ਕੰਪਨੀਆਂ ਪੰਜਾਬ ਦੇ ਵਿੱਚ ਜਿੱਥੇ ਨਿਵੇਸ਼ ਕਰ ਰਹੀਆਂ ਨੇ ਉੱਥੇ ਇਸ ਕਮਰਸ਼ੀਅਲ ਪ੍ਰੋਜੈਕਟ ਦੇ ਸਥਾਪਤ ਹੋਣ ਨਾਲ ਸੈਂਕੜਿਆਂ ਨੌਜਵਾਨਾਂ ਨੂੰ ਰੋਜ਼ਗਾਰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਪ੍ਰੋਜੈਕਟ ਵਿਦੇਸ਼ੀ ਤਰਜ 'ਤੇ ਇੱਥੇ ਲਿਆਂਦਾ ਗਿਆ ਸੀ ਜੋ ਕਮਰਸ਼ੀਅਲ ਹੈ ਅਤੇ ਲੁਧਿਆਣਵੀਆਂ ਲਈ ਸਹੂਲਤ ਦੇ ਨਾਲ-ਨਾਲ ਆਰਥਿਕ ਪੱਖੋਂ ਪੈਰਾਂ ਸਿਰ ਕਰਨ ਲਈ ਵੀ ਲਾਹੇਵੰਦ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸੂਬੇ ਵਿੱਚ ਹੁਣ ਨਵਾਂ ਉਦਯੋਗ ਸਥਾਪਤ ਕਰਨਾ ਬੇਹੱਦ ਸੁਖਾਲਾ ਹੋ ਗਿਆ ਹੈ ਕਿਉਂਕਿ ਪੰਜਾਬ ਸਰਕਾਰ ਵੱਲੋਂ ਉਦਯੋਗ ਨਾਲ ਸਬੰਧਤ ਸਾਰੀਆਂ ਐਨ.ਓ.ਸੀ. ਅਤੇ ਹੋਰ ਪ੍ਰਕਿਰਿਆ ਇੱਕ ਛੱਤ ਹੇਠ ਤੈਅ ਸਮਾ ਸੀਮਾਂ ਅੰਦਰ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ

ਭਵਾਨੀਗੜ੍ਹ ਵਿਖੇ ਲੱਕੀ ਮੈਮੋਰੀਅਲ ਤੀਜਾ ਕ੍ਰਿਕਟ ਕੱਪ ਸ਼ਾਨਦਾਰ ਢੰਗ ਨਾਲ ਸੰਪੰਨ

ਭਵਾਨੀਗੜ੍ਹ, 20 ਸਤੰਬਰ (ਹੈਪੀ ਸ਼ਰਮਾ): ਭਵਾਨੀਗੜ੍ਹ ਵਿਖੇ ਲੱਕੀ ਮੈਮੋਰੀਅਲ ਤੀਜਾ ਕ੍ਰਿਕਟ ਕੱਪ 19 ਅਤੇ 20 ਸਤੰਬਰ 2026 ਨੂੰ ਕਰਵਾਇਆ ਗਿਆ। ਦੋ ਦਿਨ ਚੱਲੇ ਇਸ ਕ੍ਰਿਕਟ ਟੂਰਨਾਮੈਂਟ ਵਿੱਚ ਕੁੱਲ 16 ਟੀਮਾਂ ਨੇ ਭਾਗ ਲਿਆ ਅਤੇ ਖਿਡਾਰੀਆਂ ਵੱਲੋਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ। ਟੂਰਨਾਮੈਂਟ ਦੇ ਫਾਈਨਲ ਮੁਕਾਬਲੇ ਵਿੱਚ ਮਹਿਲਾਂ ਕ੍ਰਿਕਟ ਕਲੱਬ ਦੀ ਟੀਮ ਨੇ ਜੇਤੂ ਬਣਨ ਦਾ ਮਾਣ ਹਾਸਲ ਕੀਤਾ, ਜਦਕਿ ਭਵਾਨੀਗੜ੍ਹ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਟੂਰਨਾਮੈਂਟ ਦੀ ਇਨਾਮ ਵੰਡ ਸਮਾਰੋਹ ਸਟੇਡੀਅਮ ਭਵਾਨੀਗੜ੍ਹ ਵਿਖੇ ਕਰਵਾਇਆ ਗਿਆ। ਇਸ ਮੌਕੇ ਲਖਬੀਰ ਸਿੰਘ ਲੱਖੀ ਦੇ ਪਿਤਾ ਸ੍ਰੀ ਨਿਸ਼ਾਨ ਸਿੰਘ, ਓਹਨਾ ਦੇ ਚਾਚਾ ਸ਼੍ਰੀ ਸਤਨਾਮ ਸਿੰਘ ਸੰਧੂ, ਪ੍ਰਧਾਨ, ਪੈਨਸ਼ਨਰ ਐਸੋਸੀਏਸ਼ਨ ਭਵਾਨੀਗੜ੍ਹ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਗੁੱਡ ਮਾਰਨਿੰਗ ਕ੍ਰਿਕਟ ਕਲੱਬ ਦੀ ਮੈਨੇਜਮੈਂਟ ਵੱਲੋਂ ਜੇਤੂ ਅਤੇ ਉਪ-ਜੇਤੂ ਟੀਮਾਂ ਸਮੇਤ ਖਿਡਾਰੀਆਂ ਨੂੰ ਇਨਾਮ ਅਤੇ ਟਰਾਫੀਆਂ ਪ੍ਰਦਾਨ ਕੀਤੀਆਂ ਗਈਆਂ। ਦੋ ਦਿਨਾਂ ਤੱਕ ਚੱਲਿਆ ਇਹ ਲੱਕੀ ਮੈਮੋਰੀਅਲ ਤੀਜਾ ਕ੍ਰਿਕਟ ਕੱਪ 20 ਸਤੰਬਰ 2026 ਨੂੰ ਸਫਲਤਾਪੂਰਵਕ ਸੰਪੰਨ ਹੋਇਆ। ਪ੍ਰਬੰਧਕਾਂ ਵੱਲੋਂ ਟੂਰਨਾਮੈਂਟ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਵਾਲੇ ਸਮੂਹ ਖਿਡਾਰੀਆਂ, ਦਰਸ਼ਕਾਂ, ਸਹਿਯੋਗੀਆਂ ਅਤੇ ਖੇਡ ਪ੍ਰੇਮੀਆਂ ਦਾ ਧੰਨਵਾਦ ਕੀਤਾ ਗਿਆ।

ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਭਾਜਪਾ ਵਲੋਂ ਰੈਲੀ ਕੀਤੀ

ਸ੍ਰੀ ਮਾਛੀਵਾੜਾ ਸਾਹਿਬ, 20 ਸਤੰਬਰ (ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ): ਭਾਜਪਾ ਵਲੋਂ ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਸ਼ੁਰੂ ਹੋਈ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਸ੍ਰੀ ਮਾਛੀਵਾੜਾ ਸਾਹਿਬ ਪੁੱਜਣ ਤੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਸਥਾਨਕ ਦੁਸਹਿਰਾ ਗਰਾਊਂਡ ਵਿੱਖੇ ਵੱਡੀ ਰੈਲੀ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ ਇਸ ਰੈਲੀ ਨੂੰ ਭਾਜਪਾ ਦੇ ਸੀਨੀਅਰ ਲੀਡਰਾਂ ਨੇ ਸੰਬੋਧਨ ਕੀਤਾ ਜਿਸ ਵਿੱਚ ਸਾਬਕਾ ਮੰਤਰੀ ਮਨਪ੍ਰੀਤ ਸਿੰਘ ਬਾਦਲ,ਸਤੀਸ਼ ਪੂਨੀਆਂ,ਰੋਜਾ ਰਾਮ ਬਾਲਮੀਕਿ, ਅਵਿਨਾਸ਼ ਰਾਏ ਖੰਨਾ,ਪਰਮਿੰਦਰ ਸਿੰਘ ਬਰਾੜ,ਅਤੇ ਹੋਰ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਭਾਜਪਾ ਨੇ ਕਸ਼ਮੀਰ ਵਿੱਚੋਂ ਅੱਤਵਾਦ ਤੇ ਨਕਸਲਵਾਦ ਖਤਮ ਕਰਕੇ ਦਿਖਾਇਆ ਤੇ ਹੁਣ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਕੇ ਦਿਖਾਵੇਗੀ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ ਉਨ੍ਹਾਂ ਕਿਹਾ ਫੌਜ ਵਿੱਚ 10% ਫੀਸਦੀ ਪੰਜਾਬੀ ਭਰਤੀ ਹਨ ਜੋ ਸਰਹੱਦਾਂ ਤੇ ਰਾਖੀ ਕਰਦੇ ਹਨ ਇਸ ਲਈ ਸਾਡੇ ਦੇਸ਼ ਦੇ ਦੁਸ਼ਮਣ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਰਾਹੀਂ ਖੋਖਲਾਂ ਕਰਨਾ ਚਾਹੁੰਦੇ ਹਨ ਜਿਸਨੂੰ ਭਾਜਪਾ ਕਦੇ ਵੀ ਸਫਲ ਨਹੀਂ ਹੋਣ ਦੇਵੇਗੀ ਉਨ੍ਹਾਂ ਕਿਹਾ ਕਿ ਨਸ਼ਾ ਮੁੱਕਤ ਪੰਜਾਬ ਯਾਤਰਾ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਹੈ ਜਿਸ ਲਈ ਲੋਕ ਸਾਨੂੰ ਸਹਿਯੋਗ ਦੇਣ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਸਰਕਾਰ ਆਉਣ ਤੇ ਨਸ਼ਾ ਜੜ ਤੋਂ ਖਤਮ ਕਰ ਦਿੱਤਾ ਜਾਵੇਗਾ ਇਸ ਮੌਕੇ ਹੋਰਨਾਂ ਤੋਂ ਇਲਾਵਾ ਕੇ ਡੀ ਭੰਡਾਰੀ,ਅਮਰਜੀਤ ਸਿੰਘ ਟਿੱਕਾ,ਇਕਬਾਲ ਸਿੰਘ ਚੰਨੀ,ਆਸ਼ੂ ਸ਼ਰਮਾ, ਭਾਜਪਾ ਦੇ ਜ਼ਿਲ੍ਹਾ ਉਪ ਪ੍ਰਧਾਨ ਸੰਜੀਵ ਲੀਹਲ,ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸ਼ੁੱਖੀ ਸ਼ਰਮਾ,ਵਿਕਾਸ ਮਿੱਤਲ, ਪ੍ਰਵੀਨ ਗੋਇਲ,ਅਸ਼ਵਨੀ ਸਿੰਗਲਾ, ਵਿਨੋਦ ਸਿੰਗਲਾ,ਪ੍ਰਵੀਨ ਸਿੰਗਲਾ,ਡਾ ਅਸ਼ੋਕ ਕੁਮਾਰ,ਸਤੀਸ਼ ਸਿੰਗਲਾ,ਨਰੇਸ਼ ਖੇੜਾ, ਮੋਨੂੰ ਸੇਠੀ,ਅਨੁਜ ਸ਼ਰਮਾ ਆਦਿ ਮੌਜੂਦ ਸਨ।

ਭਾਜਪਾ ਦੇ ਮੁੱਖ ਦਫਤਰ ਦੇ ਉਦਘਾਟਨ ਸਮਾਰੋਹ ਵਿੱਚ ਅਨੰਦਪੁਰ ਸਾਹਿਬ ਦੇ ਵਰਕਰਾਂ ਨੇ ਕੀਤੀ ਸ਼ਮੂਲੀਅਤ

ਸ੍ਰੀ ਅਨੰਦਪੁਰ ਸਾਹਿਬ, 20 ਸਤੰਬਰ (ਦਮਨ ਅਰੋੜਾ): ਅੱਜ ਭਾਜਪਾ ਦਾ

ਆਈ .ਐਸ .ਐਫ . ਕਾਲਜ ਆਫ ਫਾਰਮੇਸੀ ਵਿੱਚ ਇਨੋਵੇਸ਼ਨ ਅਤੇ ਐਂਟਰਪ੍ਰਿਨਿਊਰਸ਼ਿਪ ’ਤੇ ਵਿਖਿਆਨ ਦਾ ਆਯੋਜਨ

ਮੋਗਾ, 20 ਸਤੰਬਰ (ਜੁਗਰਾਜ ਸੰਘਾ): ਸੂਬੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਆਈ.ਐਸ.ਐਫ. ਕਾਲਜ ਆਫ ਫਾਰਮੇਸੀ ਵਿਖੇ ਆਈ.ਆਈ.ਸੀ. ਵੱਲੋਂ ਇਨੋਵੇਸ਼ਨ ਅਤੇ ਐਂਟਰਪ੍ਰਿਨਿਊਰਸ਼ਿਪ ਵਿਸ਼ੇ 'ਤੇ ਵਿਸ਼ੇਸ਼ ਵਿਖਿਆਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕੋਆਰਡੀਨੇਟਰ ਅਤੇ ਹੈੱਡ, ਡਿਪਾਰਟਮੈਂਟ ਆਫ ਕਿਊ.ਏ. ਐਂਡ ਆਰ.ਏ. ਡਾ. ਬਾਲਕ ਦਾਸ ਕੁਰਮੀ ਨੇ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ। ਮੁੱਖ ਬੁਲਾਰੇ ਡਾ. ਭੀਮਾਕਿਰਣ ਨੇ ਡ੍ਰੀਮਰ ਟੂ ਡੂਅਰ— ਐਨ ਇੰਸਪਾਇਰਿੰਗ ਇਨੋਵੇਸ਼ਨ ਸਟੋਰੀ ਵਿਸ਼ੇ 'ਤੇ ਪ੍ਰੇਰਣਾਦਾਇਕ ਵਿਖਿਆਨ ਦਿੱਤਾ। ਡਾ. ਭੀਮਾਕਿਰਣ ਨੇ ਵਿਦਿਆਰਥੀਆਂ ਨਾਲ ਇਨੋਵੇਸ਼ਨ, ਨਵੀਂ ਤਕਨੀਕ ਅਤੇ ਐਂਟਰਪ੍ਰਿਨਿਊਰਸ਼ਿਪ ਨਾਲ ਸਬੰਧਿਤ ਕਈ ਮਹੱਤਵਪੂਰਨ ਬਿੰਦੂ ਸਾਂਝੇ ਕੀਤੇ। ਉਨ੍ਹਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਨਵੀਆਂ ਸੋਚਾਂ ਅਤੇ ਖੁਦ ਕੁਝ ਨਵਾਂ ਕਰਨ ਦਾ ਜਜ਼ਬਾ ਪੈਦਾ ਕਰਨਾ ਸੀ, ਤਾਂ ਜੋ ਉਹ ਨਵੀਂ ਤਕਨੀਕ ਦਾ ਉਪਯੋਗ ਕਰਦੇ ਹੋਏ ਸਵੈ-ਰੋਜ਼ਗਾਰ ਦੇ ਮੌਕੇ ਪੈਦਾ ਕਰ ਸਕਣ ਅਤੇ ਦੂਜਿਆਂ ਲਈ ਵੀ ਰੋਜ਼ਗਾਰ ਦੇ ਮੌਕੇ ਸਿਰਜਣ ਵਾਲੇ ਬਣਨ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅੱਜ ਦੇ ਤਕਨੀਕੀ ਯੁੱਗ ਵਿੱਚ ਨਵੀਨਤਮ ਵਿਚਾਰਾਂ ਨੂੰ ਅਮਲੀ ਰੂਪ ਦੇ ਕੇ ਆਪਣੇ ਹੁਨਰ ਅਤੇ ਗਿਆਨ ਦੀ ਵਰਤੋਂ ਕੀਤੀ ਜਾ ਸਕਦੀ ਹੈ। ਇਸ ਨਾਲ ਨੌਜਵਾਨ ਨਾ ਸਿਰਫ਼ ਆਪਣੇ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰ ਸਕਦੇ ਹਨ, ਸਗੋਂ ਦੇਸ਼ ਦੇ ਵਿਕਾਸ ਵਿੱਚ ਵ ੀ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜੀ.ਡੀ. ਗੁਪਤਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਲਈ ਬਹੁਤ ਮਹੱਤਵਪੂਰਨ ਹੁੰਦੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਤਕਨੀਕ ਅਤੇ ਨਵੀਨਤਾ ਦਾ ਸਹੀ ਉਪਯੋਗ ਕਰਦੇ ਹੋਏ ਸਵੈ-ਰੋਜ਼ਗਾਰ ਅਤੇ ਐਂਟਰਪ੍ਰਿਨਿਊਰਸ਼ਿਪ ਵੱਲ ਅੱਗੇ ਵਧਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਵੀਂ ਸੋਚ, ਹੁਨਰ ਅਤੇ ਤਕਨੀਕੀ ਗਿਆਨ ਦੇ ਸੁਮੇਲ ਨਾਲ ਨੌਜਵਾਨ ਆਪਣੇ ਭਵਿੱਖ ਨੂੰ ਨਵੀਂ ਦਿਸ਼ਾ ਦੇ ਸਕਦੇ ਹਨ। ਇਸ ਮੌਕੇ ਆਈ.ਐਸ.ਐਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ.ਕੇ. ਨਾਰੰਗ, ਡਾ. ਸ਼ੁਭਮ ਠਾਕੁਰ, ਡਾ. ਸ਼ੁਭਮ ਸਿੰਘ, ਕਰਿਸ਼ਮਾ ਅਗਰਵਾਲ ਸਮੇਤ ਫੈਕਲਟੀ ਮੈਂਬਰ ਹਾਜ਼ਰ ਸਨ। ਪ੍ਰੋਗਰਾਮ ਦੇ ਅੰਤ ਵਿੱਚ ਕੋਆਰਡੀਨੇਟਰ ਡਾ. ਬਾਲਕ ਦਾਸ ਕੁਰਮੀ ਨੇ ਸਾਰੇ ਮਹਿਮਾਨਾਂ ਅਤੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੰਸਥਾ ਦੇ ਚੇਅਰਮੈਨ ਪ੍ਰਵੀਣ ਗਰਗ, ਸਕੱਤਰ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ.ਡੀ. ਗੁਪਤਾ ਅਤੇ ਆਈ.ਐਸ.ਐਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ.ਕੇ. ਨਾਰੰਗ ਨੇ ਵਿਖਿਆਨ ਦੇ ਸਫਲ ਆਯੋਜਨ ਲਈ ਸਮੂਹ ਟੀਮ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਇਨੋਵੇਸ਼ਨ ਅਤੇ ਐਂਟਰਪ੍ਰਿਨਿਊਰਸ਼ਿਪ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਭਾਜਪਾ ਦੀ ਸੀਨੀਅਰ ਲੀਡਰਸ਼ਿਪ ਨੇ ਇਤਿਹਾਸਕ ਗੁਰੂਦਵਾਰਾ ਸ੍ਰੀ ਚਰਨ ਕੰਵਲ ਸਾਹਿਬ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਨਤਮਸਤਕ ਹੋ ਕੇ ਅਸ਼ੀਰਵਾਦ ਲਿਆ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੌਪੜਾ, ਰਾਜੀਵ ਕੁਮਾਰ ਰੌਜ਼ੀ, ਨਰੇਸ਼ ਭਾਟੀਆ - ਯਾਤਰਾ÷ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਚਰਨ ਛੋਹ ਪ੍ਰਾਪਤ ਧਰਤੀ ਸ੍ਰੀ ਮਾਛੀਵਾੜਾ ਸਾਹਿਬ ਪੁੱਜੀ ਭਾਜਪਾ ਦੀ ਸੀਨੀਅਤ ਲੀਡਰਸ਼ਿਪ ਨੇ ਇਤਿਹਾਸਕ ਗੁਰੂਦਵਾਰਾ ਸ੍ਰੀ ਚਰਨ ਕੰਵਲ ਸਾਹਿਬ ਵਿੱਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਅਸ਼ੀਰਵਾਦ ਲਿਆ ਇਨ੍ਹਾਂ ਵਿੱਚ ਭਾਜਪਾ ਦੇ ਕੌਮੀ ਜਨਰਲ ਸਕੱਤਰ ਸਤੀਸ਼ ਪੂਨੀਆਂ,ਭਾਜਪਾ ਦੇ ਕੌਮੀ ਉਪ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ,ਪਰਮਿੰਦਰ ਸਿੰਘ ਬਰਾੜ,ਇਕਬਾਲ ਸਿੰਘ ਚੰਨੀ, ਨਿਸ਼ੂ ਸ਼ਰਮਾ,ਆਦਿ ਸ਼ਾਮਲ ਸਨ ਭਾਜਪਾ ਲੀਡਰਸ਼ਿਪ ਨੇ ਜੰਡ ਸਾਹਿਬ ਤੇ ਖੂਹ ਸਾਹਿਬ ਦੇ ਦਰਸ਼ਨ ਵੀ ਕੀਤੇ ਗੁਰੂਦਵਾਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਇਨ੍ਹਾਂ ਆਗੂਆਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਅਤੇ ਸ੍ਰੀ ਮਾਛੀਵਾੜਾ ਸਾਹਿਬ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ ਇਸ ਮੌਕੇ ਉਨ੍ਹਾਂ ਦੇ ਨਾਲ ਪੁਲਿਸ ਜਿਲ੍ਹਾ ਖੰਨਾ ਭਾਜਪਾ ਦੇ ਉਪ ਪ੍ਰਧਾਨ ਸੰਜੀਵ ਲੀਹਲ ਸਮੇਤ ਸਾਰੀ ਲੀਡਰਸ਼ਿਪ ਮੌਜੂਦ ਸੀ!

ਡੀ ਟੀ ਐਫ ਮੂਨਕ ਵੱਲੋਂ ਅਧਿਆਪਕਾਂ ਦੀਆਂ ਗੈਰ-ਵਾਜਬ ਬਲੱਡ ਡਿਊਟੀਆਂ ਦਾ ਵਿਰੋਧ

ਮੂਨਕ 20 ਸਤੰਬਰ (ਸਾਹਿਬ ਸਿੰਘ ਖੁਰਾਣਾ)ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਮੂਨਕ ਦਾ ਇੱਕ ਵਫਦ ਅਧਿਆਪਕਾਂ ਦੀਆਂ ਗੈਰ ਵਾਜਬ ਫਲੱਡ ਡਿਊਟੀਆਂ ਦੇ ਵਿਰੋਧ ਵਿੱਚ ਤਹਿਸੀਲਦਾਰ ਮੂਨਕ ਨੂੰ ਮਿਲਿਆ ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸਕੱਤਰ ਹਰਭਗਵਾਨ ਗੁਰਨੇ ਨੇ ਦੱਸਿਆ ਕਿ ਪ੍ਰਸ਼ਾਸਨ ਦੀ ਕਿੰਨੀ ਲਾਪਰਵਾਹੀ ਅਤੇ ਬੇਸਮਝੀ ਹੈ ਕਿ ਵਾਤਾਵਰਨ ਵਿੱਚ ਸੋਕਾ ਪਿਆ ਹੋਇਆ ਹੈ ਪਰ ਕੌਮ ਦੇ ਨਿਰਮਾਤਾ ਦਾ ਵਡੇਰਾ ਕਰਤੱਵ ਅੱਖੋਂ ਪਰੋਖੇ ਕਰਕੇ ਉਸ ਨੂੰ ਅਜਿਹੀਆਂ ਗੈਰ ਵਿਦਿਅਕ ਫਲੱਡ ਡਿਊਟੀਆਂ ਵਿੱਚ ਉਲਝਾਇਆ ਹੋਇਆ ਹੈ। ਹੋਰ ਵੀ ਹਾਸੋਹੀਣੀ ਗੱਲ ਹੈ ਕਿ ਜਿਸ ਮੋਬਾਇਲ ਸੁਣਨ ਤੇ ਅਧਿਆਪਕਾਂ ਦੀ ਡਿਊਟੀ ਹੈ, ਉਸ ਮੋਬਾਇਲ ਉੱਤੇ ਅੱਜ ਤੱਕ ਨਾ ਕਦੇ ਫੋਨ ਆਇਆ ਹੈ ਅਤੇ ਨਾ ਹੀ ਗਿਆ ਹੈ। ਜਿਆਦਾਤਰ ਹਾਲਤਾਂ ਵਿੱਚ ਇਹ ਫੋਨ ਖ਼ਰਾਬ ਹੀ ਰਹਿੰਦਾ ਹੈ। ਬਲਾਕ ਪ੍ਰਧਾਨ ਸਤਬੀਰ ਭੁਪਾਲ ਨੇ ਕਿਹਾ ਕਿ ਇਹ ਡਿਊਟੀਆਂ ਗੈਰ ਸ਼ੈਵਿਧਾਨਿਕ ਹਨ ਕਿਉਂਕਿ ਸਿੱਖਿਆ ਅਧਿਕਾਰ ਐਕਟ ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮ ਲੈਣ ਦੀ ਮਨਾਹੀ ਕਰਦਾ ਹੈ। ਬਲਾਕ ਸਕੱਤਰ ਵਿਨੋਦ ਕੁਮਾਰ ਨੇ ਕਿਹਾ ਕਿ ਡਿਊਟੀਆਂ ਹਰ ਸਾਲ ਹੀ ਲਗਾਈਆਂ ਜਾਂਦੀਆਂ ਹਨ। ਇਸ ਦਾ ਪੱਕਾ ਤੇ ਸੌਖਾ ਹੱਲ ਇਹ ਹੈ ਕਿ ਇਸ ਸੀਜਨ ਵਾਸਤੇ ਦੋ ਆਰਜੀ ਕਰਮਚਾਰੀ ਨਿਯੁਕਤ ਕੀਤੇ ਜਾਣ ਤਾਂ ਕਿ ਅਧਿਆਪਕਾ ਨੂੰ ਅਜਿਹੀ ਬੇ ਮਤਲਬੀ ਖੱਜਲ ਖੁਆਰੀ ਤੋਂ ਬਚਾਇਆ ਜਾ ਸਕੇ ਅਤੇ ਉਹਨਾਂ ਨੂੰ ਵਡਮੁੱਲੇ ਕਾਰਜ ਵਿਦਿਆਰਥੀਆਂ ਨੂੰ ਪੜਾਉਣ ਤੱਕ ਹੀ ਸੀਮਤ ਰੱਖਿਆ ਜਾਵੇ। ਤਹਿਸੀਲਦਾਰ ਨੇ ਸਾਰੀ ਗੱਲ ਨੂੰ ਧਿਆਨ ਨਾਲ ਸੁਣਿਆ ਅਤੇ ਛੇਤੀ ਡਿਊਟੀਆਂ ਕੱਟਣ ਦਾ ਭਰੋਸਾ ਦਿੱਤਾ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇ ਡਿਊਟੀਆਂ ਨਾ ਕੱਟੀਆਂ ਗਈਆਂ ਤਾਂ ਜਥੇਬੰਦੀ ਵੱਲੋਂ ਕੋਈ ਜਥੇਬੰਦਕ ਐਕਸ਼ਨ ਉਲੀਕਿਆ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਸਤਵੀਰ ਭੁਪਾਲ ਬਲਾਕ ਜਨਰਲ ਸਕੱਤਰ ਵਿਨੋਦ ਕੁਮਾਰ,ਬਹਾਦਰ ਅਨਦਾਣਾ,ਬਲਵਿੰਦਰ ਬੰਗਾ, ਰਾਮਨਿਵਾਸ ਖੋਖਰ, ਕ੍ਰਿਸ਼ਨ ਅਨਦਾਣਾ,ਸਤਬੀਰ ਗੁਲਾੜੀ, ਮਲਕੀਤ ਸਲੇਮਗੜ੍ਹ,ਰਾਜਿੰਦਰ ਮਾਨਿਆਣਾ,ਰਾਜੇਸ਼ ਮਾਣਿਆਣਾ,ਵਿਕਾਸ ਮਾਣਿਆਣਾ,ਸੰਜੇ ਰਾਮਗੜ੍ਹ ਗੁੱਜਰਾਂ,,ਸਿਮਰਜੀਤ ਸਿੰਘ ਰਾਮਗੜ੍ਹ ਗੁੱਜਰਾਂ,ਮੋਨੂੰ ਭਾਰਤੀ,ਮਹਾਵੀਰ ਅਨਦਾਣਾ, ਮਹੀਪਾਲ ਗੁਲਾੜੀ,ਰਮਨਦੇਵ ਬੰਗਾ ਅਤੇ ਹੋਰ ਸਾਥੀ ਮੌਜੂਦ ਸਨ।

ਐਮ.ਐਲ.ਜੀ. ਕਾਨਵੈਂਟ ਸਕੂਲ ਵਿਖੇ ਮੋਹਨ ਲਾਲ ਗੋਇਲ ਜੀ ਦੀ 11ਵੀਂ ਬਰਸੀ ਸ਼ਰਧਾ ਨਾਲ ਮਨਾਈ

ਲੌਂਗੋਵਾਲ/ਚੀਮਾ, 18 ਸਤੰਬਰ (ਰਵੀ ਗਰਗ)-- ਐੱਮ.ਐੱਲ.ਜੀ. ਕਾਨਵੈਂਟ ਸਕੂਲ ਵਿਖੇ ਸਕੂਲ ਦੇ ਸੰਸਥਾਪਕ ਅਤੇ ਪ੍ਰੇਰਣਾਸ੍ਰੋਤ ਸਵ. ਮੋਹਨ ਲਾਲ ਗੋਇਲ ਜੀ ਦੀ 11ਵੀਂ ਬਰਸੀ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ। ਇਸ ਮੌਕੇ ਸਕੂਲ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ਅਤੇ ਉਪਰੰਤ ਗੁਰੂ ਕਾ ਲੰਗਰ ਵੀ ਵਰਤਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਸਕੂਲ ਮੈਨੇਜਮੈਂਟ ਮੈਂਬਰ , ਪ੍ਰਿੰਸੀਪਲ, ਸਮੂਹ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸ਼ਰਧਾ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਸਾਰਿਆਂ ਨੇ ਸਵ. ਮੋਹਨ ਲਾਲ ਗੋਇਲ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਪਾਏ ਗਏ ਯੋਗਦਾਨ ਅਤੇ ਸਕੂਲ ਦੀ ਤਰੱਕੀ ਲਈ ਕੀਤੇ ਉਪਰਾਲਿਆਂ ਨੂੰ ਯਾਦ ਕੀਤਾ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਸਕੂਲ, ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਦੀ ਚੜ੍ਹਦੀ ਕਲਾ ਅਤੇ ਸੁਖ-ਸ਼ਾਂਤੀ ਲਈ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਸਮੁੱਚਾ ਮਾਹੌਲ ਸ਼ਰਧਾ, ਸ਼ਾਂਤੀ ਅਤੇ ਆਤਮਿਕ ਭਾਵਨਾ ਨਾਲ ਭਰਪੂਰ ਰਿਹਾ। ਅੰਤ ਵਿੱਚ ਹਾਜ਼ਰ ਸੰਗਤ ਵੱਲੋਂ ਗੁਰੂ ਕਾ ਲੰਗਰ ਸ਼ਰਧਾ ਨਾਲ਼ ਛਕਿਆ ਗਿਆ।

ਨਸ਼ਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਦਾ ਸਹਿਯੋਗ ਜ਼ਰੂਰੀ-ਥਾਨਾ ਮੁਖੀ ਜਸਦੀਪ ਸਿੰਘ

ਢਿੱਲਵਾਂ,20 ਸਤੰਬਰ (ਹਰਜਿੰਦਰ ਸਿੰਘ ਢਿੱਲਵਾਂ)-ਨਸ਼ਿਆਂ ਦੇ ਮਾਰੂ ਰੁਝਾਨ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਦਾ ਪੁਲਿਸ ਪ੍ਰਸ਼ਾਸਨ ਨੂੰ ਸਹਿਯੋਗ ਦੇਣਾ ਬੇਹੱਦ ਜ਼ਰੂਰੀ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਥਾਨਾ ਮੁਖੀ ਢਿੱਲਵਾਂ ਜਸਦੀਪ ਸਿੰਘ ਨੇ ਕੀਤਾ। ਉਨ੍ਹਾਂ ਕਿਹਾ ਕਿ ਢਿੱਲਵਾਂ ਇਲਾਕੇ ਅੰਦਰ ਨਸ਼ਿਆਂ ਦਾ ਕਾਲਾ ਧੰਦਾ ਕਰਨ ਵਾਲਿਆਂ ਤੇ ਅਮਨ ਕਾਨੂੰਨ ਦੀ ਵਿਵਸਥਾ ਨੂੰ ਭੰਗ ਕਰਨ ਵਾਲੇ ਅਨਸਰ ਚਾਹੇ ਕੋਈ ਵੀ ਹੋਣ ਕਿਸੇ ਵੀ ਕੀਮਤ @ਤੇ ਬਖ਼ਸ਼ੇ ਨਹੀਂ ਜਾਣਗੇ। ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਦਿਆਂ ਮਾੜੇ ਅਨਸਰਾਂ ਤੇ ਨਸ਼ਾ ਵਿਕਰੇਤਾਵਾਂ ਖ਼ਿਲਾਫ਼ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ, ਕਿ ਵੱਧ ਰਹੇ ਨਸ਼ੇ ਪੰਜਾਬ ਦੀ ਜਵਾਨੀ ਦਾ ਬੇੜਾ ਗਰਕ ਕਰ ਰਹੇ ਹਨ, ਜਿਸ ਕਰਕੇ ਲੋਕ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਦੇਣ, ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ ।

ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਨੂੰ ਪੰਜਾਬ ਦੇ ਲੋਕ ਚੇਤੇ ਕਰ ਰਹੇ ਹਨ - ਚੇਅਰਮੈਨ ਬਲਵਿੰਦਰ ਸਿੰਘ ਬੰਬ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੌਪੜਾ,ਰਾਜੀਵ ਕੁਮਾਰ ਰੌਜ਼ੀ, ਨਰੇਸ਼ ਭਾਟੀਆ - ਪੰਜਾਬ ਦੇ ਲੋਕਾਂ ਨੂੰ ਚੰਗਾ ਸਾਸਨ ਤੇ ਪ੍ਰਸ਼ਾਸਨ ਜੇ ਕੋਈ ਪਾਰਟੀ ਦੇ ਸਕਦੀ ਹੈ ਤਾਂ ਉਹ ਸਿਰਫ ਤੇ ਸਿਰਫ ਕਾਂਗਰਸ ਪਾਰਟੀ ਪੰਜਾਬ ਦੇ ਲੋਕਾਂ ਨੂੰ ਦੇ ਸਕਦੀ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਲਵਿੰਦਰ ਸਿੰਘ ਬੰਬ ਚੇਅਰਮੈਨ ਐਸ ਸੀ ਡਿਪਾਰਟਮੈਂਟ ਜ਼ਿਲ੍ਹਾ ਕਾਂਗਰਸ ਕਮੇਟੀ ਕਰਨਾ ਨੇ ਗੱਲਬਾਤ ਕਰਦਿਆਂ ਹੋਇਆਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੀਤੇ ਗਏ ਕੰਮਾਂ ਨੂੰ ਅੱਜ ਪੰਜਾਬ ਦੇ ਲੋਕ ਚੇਤੇ ਕਰ ਰਹੇ ਹਨ।ਚੇਅਰਮੈਨ ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੇ ਮੁੱਖ ਮੰਤਰੀ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਲੱਖਾਂ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਹੋਇਆਂ ਜਿਨਾਂ ਖਪਤਕਾਰਾਂ ਵੱਲ ਬਿਜਲੀ ਬੋਰਡ ਮਹਿਕਮੇ ਦਾ ਕਰੋੜਾਂ ਰੁਪਏ ਦਾ ਬਕਾਇਆ ਖੜਾ ਸੀ ਉਸ ਮਸਲੇ ਨੂੰ ਹੱਲ ਕਰਦਿਆਂ 2 ਕਿਲੋਵਾਟ ਤੱਕ ਲੋਡ ਵਾਲੇ ਹਰ ਵਰਗ ਦੇ ਘਰੇਲੂ ਬਿਜਲੀ ਖਪਤਕਾਰਾਂ ਦੇ ਬਕਾਏ ਮੁਆਫ ਕੀਤੇ ਗਏ ਸਨ ਜਿਸ ਨਾਲ 20 ਲੱਖ ਤੋਂ ਵੱਧ ਪਰਿਵਾਰਾਂ ਨੂੰ 1500 ਕਰੋੜ ਰੁਪਏ ਦੀ ਰਾਹਤ ਨਾਲ ਵੱਡਾ ਲਾਭ ਹੋਇਆ ਸੀ। ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਇਸ ਫੈਸਲੇ ਨਾਲ ਬਿਜਲੀ ਦਾ ਬਕਾਇਆ ਬਿੱਲ ਨਾ ਭਰ ਸਕਣ ਵਾਲੇ ਹਰ ਵਰਗ ਦੇ ਲੋਕਾਂ ਨੂੰ ਬਹੁਤ ਵੱਡੀ ਰਾਹਤ ਦਿੰਦਿਆਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਆਪਣੀ ਸਰਕਾਰ ਦਾ ਪਹਿਲਾ ਫੈਸਲਾ ਪੰਜਾਬ ਦੇ ਆਮ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਸੀ ।ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਨੂੰ ਅੱਜ ਪੰਜਾਬ ਦਾ ਹਰ ਵਰਗ ਚੇਤੇ ਕਰ ਰਿਹਾ ਹੈ ਅਤੇ 2027 ਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲਾ ਹੈ। ਤੇ ਇਸ ਮੌਕੇ ਬਲਾਕ ਚੇਅਰਮੈਨ ਪ੍ਰੀਤਮ ਸਿੰਘ ਖਾਨਪੁਰ ਮੰਡ, ਬਲਾਕ ਚੇਅਰਮੈਨ ਗੁਰਜੀਤ ਸਿੰਘ ਭੰਗਲਾ, ਵਿਕਰਮਜੀਤ ਸਿੰਘ ਅਕਾਲਗੜ੍ਹ, ਤਰਸੇਮ ਸਿੰਘ ਸਰਪੰਚ ਬੋਹਾਪੁਰ, ਮਨਦੀਪ ਲਾਲ ਕਮਾਲਪੁਰ, ਚਰਨ ਸਿੰਘ ਸਮਰਾਲਾ ਤੋਂ ਇਲਾਵਾ ਆਦਿ ਹਾਜ਼ਰ ਸਨ।

ਸਨੌ